SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property

905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public

- Immigration
- Real Estate
- Commercial Law
- Affidavit
- Power of Attorney

Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 24* Issue 79** | **Tuesday, 27 May 2025** | **Tel: 905-793-2202 | Fax: 905-793-2282 | news@punjabipost.ca** | ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ

## ਵਿਦੇਸ਼ ਮੰਤਰੀ ਅਨੀਤਾ ਆਨੰਦ ਅਤੇ ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੇ ਫ਼ੋਨ 'ਤੇ ਕੀਤੀ ਗੱਲਬਾਤ

### ਕੈਨੇਡਾ-ਭਾਰਤ ਸਬੰਧਾਂ ਨੂੰ ਮਜ਼ਬੂਤ ਕਰਨ ਅਤੇ ਆਰਥਿਕ ਸਹਿਯੋਗ ਬਾਰੇ ਕੀਤੀ ਚਰਚਾ




ਓਟਵਾ, 26 ਮਈ (ਪੋਸਟ ਬਿਊਰੋ): ਭਾਰਤ ਅਤੇ ਕੈਨੇਡਾ ਵਿਚਕਾਰ ਤਣਾਅਪੂਰਨ ਦੁਵੱਲੇ ਸਬੰਧਾਂ ਨੂੰ ਸੁਧਾਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ, ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੇ ਐਤਵਾਰ ਨੂੰ ਕੈਨੇਡਾ ਦੀ ਨਵੀਂ ਵਿਦੇਸ਼ ਮੰਤਰੀ ਅਨੀਤਾ ਆਨੰਦ ਨਾਲ ਫ਼ੋਨ 'ਤੇ ਗੱਲ ਕੀਤੀ। ਮਾਰਕ ਕਾਰਨੀ ਦੇ ਕੈਨੇਡੀਅਨ ਪ੍ਰਧਾਨ ਮੰਤਰੀ ਬਣਨ ਤੋਂ ਬਾਅਦ ਇਹ ਦੋਨਾਂ ਦੇਸ਼ਾਂ ਵਿਚਕਾਰ ਪਹਿਲੀ ਉੱਚ-ਪੱਧਰੀ ਰਾਜਨੀਤਕ ਗੱਲਬਾਤ ਸੀ।

ਜੈਸ਼ੰਕਰ ਅਤੇ ਅਨੀਤਾ ਆਨੰਦ ਵਿਚਕਾਰ ਗੱਲਬਾਤ ਦਾ ਮੁੱਖ ਕੇਂਦਰ ਆਰਥਿਕ ਸਹਿਯੋਗ ਨੂੰ ਮਜ਼ਬੂਤ ਕਰਨ ਅਤੇ ਸਾਂਝੀਆਂ ਤਰਜੀਹਾਂ ਨੂੰ ਅੱਗੇ ਵਧਾਉਣ 'ਤੇ ਸੀ। ਭਾਰਤ ਇਸ ਗੱਲਬਾਤ ਨੂੰ ਸਾਬਕਾ ਕੈਨੇਡੀਅਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੇ ਕਾਰਜਕਾਲ ਤੋਂ ਬਾਅਦ ਸਬੰਧਾਂ ਨੂੰ ਸੁਧਾਰਨ ਦੀ ਸੰਭਾਵਨਾ ਵਜੋਂ ਦੇਖ ਰਿਹਾ ਹੈ, ਜਿਨ੍ਹਾਂ ਦੀ ਅਗਵਾਈ ਹੇਠ ਦੋਨਾਂ ਦੇਸ਼ਾਂ ਵਿਚਕਾਰ ਸਬੰਧ ਤੇਜ਼ੀ ਨਾਲ ਵਿਗੜ ਗਏ ਸਨ।

ਜੈਸ਼ੰਕਰ ਨਾਲ ਗੱਲ ਕਰਨ ਤੋਂ ਬਾਅਦ, ਕੈਨੇਡੀਅਨ ਵਿਦੇਸ਼ ਮੰਤਰੀ ਨੇ ਪੋਸਟ 'ਤੇ ਲਿਖਿਆ ਕਿ ਕੈਨੇਡਾ-ਭਾਰਤ ਸਬੰਧਾਂ ਨੂੰ ਮਜ਼ਬੂਤ ਕਰਨ, ਸਾਡੇ ਆਰਥਿਕ ਸਹਿਯੋਗ ਨੂੰ ਡੂੰਘਾ ਕਰਨ ਅਤੇ ਸਾਂਝੀਆਂ ਤਰਜੀਹਾਂ ਨੂੰ ਅੱਗੇ ਵਧਾਉਣ 'ਤੇ ਅੱਜ ਦੀ ਉਤਪਾਦਕ ਚਰਚਾ ਲਈ ਮੰਤਰੀ ਐੱਸ ਜੈਸ਼ੰਕਰ ਦਾ ਧੰਨਵਾਦ। ਮੈਂ ਇਕੱਠੇ ਆਪਣੇ ਕੰਮ ਨੂੰ ਜਾਰੀ ਰੱਖਣ ਦੀ ਉਮੀਦ ਕਰਦੀ ਹਾਂ।

## ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਹਾਊਸ ਆਫ਼ ਕਾਮਨਜ਼ 'ਚ ਦਿੱਤੀ ਆਪਣੀ ਪਹਿਲੀ ਸਪੀਚ



ਓਟਵਾ, 26 ਮਈ (ਪੋਸਟ ਬਿਊਰੋ): ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਸੋਮਵਾਰ ਨੂੰ ਹਾਊਸ ਆਫ਼ ਕਾਮਨਜ਼ ਵਿਚ ਆਪਣਾ ਪਹਿਲਾ ਭਾਸ਼ਣ ਦਿੱਤਾ। ਕਾਰਨੀ ਓਟਵਾ ਦੀ ਨੇਪੀਅਨ ਰਾਈਡਿੰਗ ਤੋਂ ਐਮਪੀ ਚੁਣੇ ਗਏ ਹਨ। ਆਪਣੇ ਭਾਸ਼ਣ ਦੀ ਸ਼ੁਰੂਆਤ ਉਨ੍ਹਾਂ ਨੇ ਆਪਣੀ ਰਾਈਡਿੰਗ ਦੇ ਲੋਕਾਂ ਦੇ ਧੰਨਵਾਦ ਨਾਲ ਕੀਤੀ।

ਫਿਰ ਉਨ੍ਹਾਂ ਨੇ ਸਾਰੇ ਕੈਨੇਡੀਅਨਜ਼ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਨਾ ਸਿਰਫ਼ ਇਸ ਸਰਕਾਰ ਵਿਚ ਭਰੋਸਾ ਜਤਾਇਆ ਸਗੋਂ ਆਪੋ ਆਪਣੇ ਨੁਮਾਇੰਦਿਆਂ ਵਿਚ ਭਰੋਸਾ ਜਤਾ ਕੇ ਅਤੇ ਉਨ੍ਹਾਂ ਨੂੰ ਚੁਣਕੇ ਹਾਊਸ ਵਿਚ ਨੁਮਾਇੰਦਗੀ ਲਈ ਭੇਜਿਆ ਹੈ।

ਕਾਰਨੀ ਨੇ ਸਦਨ ਦੇ ਨਵੇਂ ਸਪੀਕਰ ਫਰਾਂਸਿਸ ਸਕਾਰਪਾਲੇਗੀਆ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਸਾਰੇ ਐਮਪੀਜ਼ ਅਤੇ ਸਪੀਕਰ ਤੋਂ ਬਹੁਤ ਕੁਝ ਸਿੱਖਣਗੇ। ਉਨ੍ਹਾਂ ਸਵੀਕਾਰ ਕੀਤਾ ਕਿ ਉਹ ਗ਼ਲਤੀਆਂ ਵੀ ਕਰ ਸਕਦੇ ਹਨ ਅਤੇ ਸਮੇਂ ਸਿਰ ਉਨ੍ਹਾਂ ਨੂੰ ਦਰੁਸਤ ਕਰਦੇ ਰਹਿਣਗੇ।

## ਥੋਰਨਡੇਲ ਰੋਡ 'ਤੇ ਹਾਦਸੇ ਵਿੱਚ ਮਾਰੇ ਗਏ ਅਧਿਆਪਕ ਤੇ ਵਿਦਿਆਰਥਣਾਂ ਦੀ ਹੋਈ ਪਛਾਣ



ਓਟਵਾ, 26 ਮਈ (ਪੋਸਟ ਬਿਊਰੋ) : ਇੱਕ ਹਾਈ ਸਕੂਲ ਅਧਿਆਪਕ, ਜੋ ਕਿ ਇੱਕ ਐੱਸਯੂਵੀ ਚਲਾ ਰਿਹਾ ਸੀ, ਜਿਸ 'ਚ ਕਿ ਚਾਰ ਨਾਬਾਲਗ ਕੁੜੀਆਂ ਸਨ, ਕੋਬਲ ਹਿਲਜ਼ ਰੋਡ ਅਤੇ ਥੋਰਨਡੇਲ ਰੋਡ ਦੇ ਚੌਰਾਹੇ 'ਤੇ ਇੱਕ ਟਰੈਕਟਰ ਟ੍ਰੇਲਰ ਨਾਲ ਟਕਰਾ ਗਈ। ਜਿਸ 'ਚ ਸਾਰੇ ਕਾਰ ਸਵਾਰਾਂ ਦੀ ਮੌਤ ਹੋ ਗਈ। ਉਹ ਡੋਰਚੇਸਟਰ ਵਿੱਚ ਇੱਕ ਸਕੂਲ ਸਾਫਟਬਾਲ ਟੂਰਨਾਮੈਂਟ ਤੋਂ ਵਾਕਰਟਨ ਘਰ ਜਾ ਰਹੇ ਸਨ। ਅਧਿਆਪਕ ਦੀ ਪਛਾਣ ਮੈਟ





ਏਕਰਟ ਵਜੋਂ ਹੋਈ ਹੈ, ਜੋ ਕਿ ਇੱਕ ਸਕੂਲ ਕੋਚ ਸੀ ਅਤੇ ਓਵਨ ਸਾਊਂਡ ਜੂਨੀਅਰ ਬੀ ਨੌਰਥਸਟਾਰਸ ਲੈਕਰੋਸ ਕਲੱਬ ਦੇ ਵੀ ਸਹਾਇਕ ਕੋਚ ਸਨ। ਚਾਰ ਵਿਦਿਆਰਥਣਾਂ ਦੀ ਪਛਾਣ ਓਲੀਵੀਆ ਰਾਉਰਕੇ, ਰੋਵਨ ਮੈਕਲਿਓਡ, ਕੇਡੈਂਸ ਫੋਰਡ ਅਤੇ ਡੈਨਿਕਾ ਬੇਕਰ ਵਜੋਂ ਹੋਈ ਹੈ। ਐਤਵਾਰ ਸ਼ਾਮ ਨੂੰ ਉਨ੍ਹਾਂ ਦੇ ਸਕੂਲ, ਵਾਕਰਟਨ ਡਿਸਟ੍ਰਿਕਟ ਕਮਿਊਨਿਟੀ ਸਕੂਲ ਵਿੱਚ ਮੋਮਬੱਤੀਆਂ ਜਗਾ ਕੇ ਦੁੱਖ ਜਤਾਇਆ ਜਾਵੇਗਾ।

ਨਵਾਂ ਘਾਹ ਲਵਾਉ | 647-784-1213
www.aaalandscaping.ca

ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Law Office of Aman Sharma

- Real Estate - Commercial Lease
- Business Purchase & Sale
- Notarizations & Affidavits
- Wills & Power Of Attorney

Fax: 905-913-2344 Tel: 905-913-2355
Aman Sharma
Open Saturday
25 Cherrycrest Drive, Unit # 6
Brampton, ON, L6P 3W4
*Providing excellent quality legal services to our clients*

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons

Call : PARESH PATEL
(Government Approved Licensed Technician)
416 938 4598

eXp REALTY BROKERAGE
~~$1,249,900~~
FOR $1,199,000
ARZADON REALTY
BERNARD ARZADON
REALTOR®
Cell: 647-929-4279
Bernard@ArzadonRealty.com

HOUSE FOR SALE IN WELLAND
211 Merritt St Welland, ON L3C 4T8
Dir/Cross St: Fitch and First Ave
5 Bed | 3.5 Bath | Detached 2 Car Garage

**A stately 5-bedroom, 3.5-bathroom** All-brick residence in one of Welland's most prestigious neighborhoods.

**Spanning 4,300+ sq. ft. of living space,** this home boasts hand-scraped hickory hardwood floors & elegant crown molding. The professionally designed chefs kitchen is a dream, featuring Alaska White granite countertops, custom Imprezza cabnetry, a Bluestar 6-burner commercial gas range, Kohler farmhouse sink, Jenn-Air wine fridge, and an over-stove pot filler. Completes with fireplaces and oversized windows that invite abundant natural light. **Upstairs, 5 generously sized bedrooms.**

The **fully finished walk-up basement** offers versatile space for an entertainment room & more. The **walk-up basement** provides expanded opportunities of a private suite, or a multi-generational living. Step outside into a lush backyard retreat, beautifully landscaped with perennial gardens and a stunning Magnolia tree, creating a serene setting for outdoor relaxation. A **17' x 35' aggregate patio**, a circular paved stone courtyard with a centerpiece fountain, and **a Detached 2-car garage** complete this breathtaking outdoor space. **Book your private showing today!**



## ਓਸ਼ਵਾ ਵਿੱਚ ਐੱਸਯੂਵੀ ਤੇ ਈ-ਬਾਈਕ ਦੀ ਟੱਕਰ 'ਚ ਇੱਕ ਦੀ ਮੌਤ



ਟੋਰਾਂਟੋ, 26 ਮਈ (ਪੋਸਟ ਬਿਊਰੋ): ਓਸ਼ਵਾ ਵਿੱਚ ਐਤਵਾਰ ਦੁਪਹਿਰ ਇੱਕ ਈ-ਬਾਈਕ ਅਤੇ ਇੱਕ ਐੱਸਯੂਵੀ ਦੀ ਟੱਕਰ 'ਚ ਇੱਕ 50 ਸਾਲਾ ਵਿਅਕਤੀ ਦੀ ਮੌਤ ਹੋ ਗਈ। ਡਰਹਮ ਰੀਜਨਲ ਪੁਲਿਸ ਨੇ ਕਿਹਾ ਕਿ ਟੱਕਰ ਹਾਰਮਨੀ ਰੋਡ ਨੌਰਥ ਅਤੇ ਸਟੋਰੀ ਐਵੇਨਿਊ ਦੇ ਨੇੜੇ, ਰੋਸਲੈਂਡ ਰੋਡ ਈਸਟ ਦੇ ਉੱਤਰ ਵਿੱਚ ਲਗਭਗ 12:30 ਵਜੇ ਹੋਈ। ਪੁਲਿਸ ਨੇ ਕਿਹਾ ਕਿ ਦੱਖਣ ਵੱਲ ਜਾ ਰਹੀ ਇੱਕ ਈ-ਬਾਈਕ ਉੱਤਰ ਵੱਲ ਜਾ ਰਹੇ ਬੁਇਕ ਐਨਕੋਰ ਨਾਲ ਟਕਰਾ ਗਈ ਜੋ ਖੱਬੇ ਹੱਥ ਮੋੜ ਲੈ ਰਿਹਾ ਸੀ। ਬਾਈਕ ਸਵਾਰ ਨੂੰ ਗੰਭੀਰ ਸੱਟਾਂ ਲੱਗੀਆਂ ਅਤੇ ਹਸਪਤਾਲ ਵਿੱਚ ਉਸਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਇਸ ਦੌਰਾਨ, ਐੱਸਯੂਵੀ ਚਾਲਕ ਮੌਕੇ 'ਤੇ ਹੀ ਰਿਹਾ ਅਤੇ ਜਾਂਚ ਵਿੱਚ ਸਹਿਯੋਗ ਕੀਤਾ। ਪੁਲਿਸ ਨੇ ਕਿਸੇ ਵੀ ਜਾਣਕਾਰੀ ਵਾਲੇ ਵਿਅਕਤੀ ਨੂੰ 905-579-1520 ਐਕਸਟੈਂਸ਼ਨ 5267 'ਤੇ ਜਾਂ ਕ੍ਰਾਈਮ ਸਟੌਪਰਜ਼ ਨੂੰ ਗੁਮਨਾਮ ਤੌਰ 'ਤੇ 1-800-222- (8477) 'ਤੇ ਸੰਪਰਕ ਕਰਨ ਦੀ ਅਪੀਲ ਕੀਤੀ ਹੈ।

## ਨਾਰਥ ਯੌਰਕ ਦੇ ਵਾਕ ਵਿਦ ਇਜ਼ਰਾਈਲ 'ਚ ਵਿਅਕਤੀ 'ਤੇ ਯਹੂਦੀ ਵਿਰੋਧੀ ਗਾਲਾਂ ਕੱਢਣ ਦਾ ਦੋਸ਼



ਟੋਰਾਂਟੋ, 26 ਮਈ (ਪੋਸਟ ਬਿਊਰੋ) : ਨਾਰਥ ਯੌਰਕ ਵਿੱਚ ਐਤਵਾਰ ਨੂੰ ਵਾਕ ਵਿਦ ਇਜ਼ਰਾਈਲ ਪ੍ਰੋਗਰਾਮ ਵਿੱਚ ਕਥਿਤ ਤੌਰ 'ਤੇ ਯਹੂਦੀ ਵਿਰੋਧੀ ਗਾਲਾਂ ਕੱਢਣ ਲਈ ਇੱਕ ਵਿਅਕਤੀ 'ਤੇ ਦੋਸ਼ ਲਾਇਆ ਗਿਆ ਹੈ। ਟੋਰਾਂਟੋ ਪੁਲਿਸ ਇਸ ਪ੍ਰੋਗਰਾਮ ਦੀ ਨਿਗਰਾਨੀ ਕਰਨ ਲਈ ਵਿਲਸਨ ਐਵੇਨਿਊ ਅਤੇ ਬਾਥਰਸਟ ਸਟਰੀਟ ਰਸਤੇ 'ਤੇ ਸੀ। ਪੁਲਿਸ ਨੇ ਕਿਹਾ ਕਿ 57 ਸਾਲਾ ਤਾਰਿਕ ਇਬਰਾਹਿਮ ਵਜੋਂ ਪਛਾਣੇ ਗਏ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਸੀ ਅਤੇ ਉਸ 'ਤੇ ਜਾਇਦਾਦ ਵਿੱਚ ਦਖਲਅੰਦਾਜ਼ੀ ਕਰਨ ਅਤੇ ਗੜਬੜ ਪੈਦਾ ਕਰਨ ਦਾ ਦੋਸ਼ ਲਾਇਆ ਗਿਆ ਹੈ। ਪੁਲਿਸ ਨੇ ਕਿਹਾ ਕਿ ਇਸ ਘਟਨਾ ਨੂੰ ਨਫ਼ਰਤ ਤੋਂ ਪ੍ਰੇਰਿਤ ਸ਼ੱਕੀ ਅਪਰਾਧ ਵਜੋਂ ਮੰਨਿਆ ਜਾ ਰਿਹਾ ਹੈ। ਪ੍ਰਬੰਧਕਾਂ ਦੇ ਅਨੁਸਾਰ, ਸਮਾਗਮ ਦੇ 56ਵੇਂ ਐਡੀਸ਼ਨ ਵਿੱਚ 56 ਹਜ਼ਾਰ ਲੋਕਾਂ ਨੇ ਸ਼ਿਰਕਤ ਕੀਤੀ।

## ਅਗਲੇ ਕੁਝ ਹਫ਼ਤੇ ਰੁਝੇਵਿਆਂ ਲਈ ਤਿਆਰ ਰਹਿਣ ਸੰਸਦ ਮੈਂਬਰ : ਕਾਰਨੀ

### ਦੇਸ਼ ਪ੍ਰਤੀ ਦ੍ਰਿਸ਼ਟੀਕੋਣ ਦ੍ਰਿੜਤਾ ਨਾਲ ਲਾਗੂ ਕਰਨ ਦੀ ਗੱਲ ਦੁਹਰਾਈ



ਓਟਵਾ, 26 ਮਈ (ਪੋਸਟ ਬਿਊਰੋ): ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਆਪਣੇ ਕਾਕਸ ਨੂੰ ਸੰਸਦ ਦੇ ਮੁੜ ਖੁੱਲ੍ਹਣ 'ਤੇ ਬਹੁਤ ਜ਼ਿਆਦਾ ਰੁਝੇਵਿਆਂ ਵਾਲੇ ਕੁਝ ਹਫ਼ਤਿਆਂ ਅਤੇ ਮਹੀਨਿਆਂ ਲਈ ਤਿਆਰ ਰਹਿਣ ਲਈ ਕਿਹਾ ਹੈ ਤੇ ਦੇਸ਼ ਲਈ ਆਪਣੇ ਦ੍ਰਿਸ਼ਟੀਕੋਣ ਨੂੰ ਤੁਰੰਤ ਅਤੇ ਦ੍ਰਿੜਤਾ ਨਾਲ ਲਾਗੂ ਕਰਨ ਦਾ ਵਾਅਦਾ ਕੀਤਾ। ਬੀਤੇ ਦਿਨ ਕਾਕਸ ਨੂੰ ਸੰਬੋਧਨ ਕਰਦਿਆਂ ਕਾਰਨੀ ਨੇ ਕਿਹਾ ਕਿ ਉਨ੍ਹਾਂ ਦੀ ਲਿਬਰਲ ਘੱਟ ਗਿਣਤੀ ਸਰਕਾਰ ਜੀਵਨ ਨੂੰ ਤੁਰੰਤ ਹੋਰ ਕਿਫਾਇਤੀ ਬਣਾਉਣ ਬਾਰੇ ਕਈ ਕਾਨੂੰਨ ਪੇਸ਼ ਕਰੇਗੀ, ਜਿਸ ਵਿੱਚ ਟੈਕਸ ਕਟੌਤੀ ਕਾਨੂੰਨ ਵੀ ਸ਼ਾਮਲ ਹਨ।

ਫ੍ਰੈਂਚ ਵਿੱਚ ਬੋਲਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੇ ਮੰਤਰੀ ਰਾਸ਼ਟਰੀ ਹਿੱਤ ਵਿੱਚ ਮੰਨੇ ਜਾਣ ਵਾਲੇ ਬੁਨਿਆਦੀ ਢਾਂਚੇ ਦੇ ਪ੍ਰਾਜੈਕਟਾਂ ਨੂੰ ਤੇਜ਼ ਕਰਨ ਲਈ ਕਾਨੂੰਨ ਪੇਸ਼ ਕਰਨਗੇ। ਕਾਰਨੀ ਨੇ ਪਹਿਲਾਂ ਹੀ ਸਪੱਸ਼ਟ ਕਰ ਦਿੱਤਾ ਹੈ ਕਿ ਉਨ੍ਹਾਂ ਦੀਆਂ ਪ੍ਰਮੁੱਖ ਤਰਜੀਹਾਂ ਵਿੱਚ ਸੰਯੁਕਤ ਰਾਜ ਅਮਰੀਕਾ ਨਾਲ ਇੱਕ ਨਵੇਂ ਆਰਥਿਕ ਅਤੇ ਸੁਰੱਖਿਆ ਸਬੰਧਾਂ ਦੀ ਗੱਲਬਾਤ ਅਤੇ ਭਰੋਸੇਯੋਗ ਵਪਾਰਕ ਸਹਿਯੋਗੀਆਂ ਨਾਲ ਸਬੰਧਾਂ ਨੂੰ ਮਜ਼ਬੂਤ ਕਰਨਾ ਸ਼ਾਮਲ ਹੈ। ਅੰਤ ਵਿੱਚ ਕਾਰਨੀ ਨੇ ਕੈਨੇਡਾ ਦਿਵਸ ਤੱਕ ਅੰਤਰ-ਸੂਬਾਈ ਵਪਾਰ ਰੁਕਾਵਟਾਂ ਨੂੰ ਘਟਾਉਣ ਅਤੇ ਆਮਦਨ-ਟੈਕਸ ਵਿੱਚ ਕਟੌਤੀ ਲਿਆਉਣ ਦਾ ਵਾਅਦਾ ਵੀ ਕੀਤਾ ਹੈ।

## ਪੁਤਿਨ ਪੂਰੀ ਤਰ੍ਹਾਂ ਪਾਗਲ ਹੋ ਗਏ ਹਨ : ਟਰੰਪ



ਵਾਸ਼ਿੰਗਟਨ, 26 ਮਈ (ਪੋਸਟ ਬਿਊਰੋ): ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਹੈ ਕਿ ਪੁਤਿਨ ਪੂਰੀ ਤਰ੍ਹਾਂ ਪਾਗਲ ਹੋ ਗਏ ਹਨ। ਟਰੰਪ ਨੇ ਇਹ ਬਿਆਨ ਆਪਣੇ ਸੋਸ਼ਲ ਮੀਡੀਆ ਪਲੇਟਫਾਰਮ ਟਰੂਥ ਸੋਸ਼ਲ 'ਤੇ ਪੋਸਟ ਕੀਤਾ।
ਉਨ੍ਹਾਂ ਨੇ ਲਿਖਿਆ ਹੈ ਕਿ ਮੇਰੇ ਹਮੇਸ਼ਾ ਰੂਸ ਦੇ ਵਲਾਦੀਮੀਰ ਪੁਤਿਨ ਨਾਲ ਬਹੁਤ ਚੰਗੇ ਸਬੰਧ ਰਹੇ ਹਨ, ਪਰ ਉਨ੍ਹਾਂ ਨਾਲ ਕੁਝ ਤਾਂ ਹੋਇਆ ਹੈ। ਉਹ ਪੂਰੀ ਤਰ੍ਹਾਂ ਪਾਗਲ ਹੋ ਗਏ ਹਨ।

ਟਰੰਪ ਨੇ ਕਿਹਾ ਕਿ ਯੂਕਰੇਨ ਦੇ ਸ਼ਹਿਰਾਂ ਵਿੱਚ ਬਿਨ੍ਹਾਂ ਕਿਸੇ ਕਾਰਨ ਮਿਜ਼ਾਈਲਾਂ ਅਤੇ ਡਰੋਨ ਦਾਗੇ ਜਾ ਰਹੇ ਹਨ। ਇਸ ਵਿੱਚ ਬਹੁਤ ਸਾਰੇ ਲੋਕ ਮਾਰੇ ਜਾ ਰਹੇ ਹਨ। ਟਰੰਪ ਨੇ ਲਿਖਿਆ ਕਿ ਮੈਂ ਹਮੇਸ਼ਾ ਕਿਹਾ ਹੈ ਕਿ ਉਹ ਸਿਰਫ਼ ਯੂਕਰੇਨ ਦਾ ਇੱਕ ਟੁਕੜਾ ਨਹੀਂ, ਸਗੋਂ ਪੂਰਾ ਯੂਕਰੇਨ ਚਾਹੁੰਦੇ ਹਨ ਅਤੇ ਹੋ ਸਕਦਾ ਹੈ ਕਿ ਇਹ ਸਹੀ ਸਾਬਤ ਹੋ ਰਿਹਾ ਹੈ, ਪਰ ਜੇਕਰ ਉਹ ਅਜਿਹਾ ਕਰਦੇ ਹਨ, ਤਾਂ ਇਹ ਰੂਸ ਦੇ ਪਤਨ ਵੱਲ ਲੈ ਜਾਵੇਗਾ। ਅਮਰੀਕੀ ਰਾਸ਼ਟਰਪਤੀ ਨੇ ਰੂਸ 'ਤੇ ਹੋਰ ਪਾਬੰਦੀਆਂ ਲਗਾਉਣ ਦੀ ਧਮਕੀ ਦਿੱਤੀ।

ਟਰੰਪ ਨੇ ਯੂਕਰੇਨ ਦੇ ਰਾਸ਼ਟਰਪਤੀ ਦੀ ਵੀ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਜਿਸ ਤਰੀਕੇ ਨਾਲ ਜ਼ੇਲੈਂਸਕੀ ਗੱਲ ਕਰਦੇ ਹਨ, ਉਹ ਆਪਣੇ ਦੇਸ਼ ਦਾ ਕੋਈ ਭਲਾ ਨਹੀਂ ਕਰ ਰਹੇ। ਉਨ੍ਹਾਂ ਦੇ ਮੂੰਹੋਂ ਨਿਕਲਦੀ ਹਰ ਚੀਜ਼ ਮੁਸੀਬਤ ਪੈਦਾ ਕਰਦੀ ਹੈ, ਮੈਨੂੰ ਇਹ ਪਸੰਦ ਨਹੀਂ ਹੈ, ਅਤੇ ਜੇਕਰ ਇਸਨੂੰ ਰੋਕ ਦਿੱਤਾ ਜਾਵੇ ਤਾਂ ਬਿਹਤਰ ਹੋਵੇਗਾ। ਟਰੰਪ ਦਾ ਇਹ ਬਿਆਨ ਰੂਸ ਵੱਲੋਂ ਯੂਕਰੇਨ 'ਤੇ 3 ਸਾਲਾਂ ਵਿੱਚ ਕੀਤੇ ਗਏ ਸਭ ਤੋਂ ਵੱਡੇ ਹਵਾਈ ਹਮਲੇ ਤੋਂ ਬਾਅਦ ਆਇਆ ਹੈ। ਯੂਕਰੇਨੀ ਹਵਾਈ ਸੈਨਾ ਅਨੁਸਾਰ, ਰੂਸ ਨੇ ਸ਼ਨੀਵਾਰ ਰਾਤ ਨੂੰ ਕੀਵ 'ਤੇ 9 ਬੈਲਿਸਟਿਕ ਮਿਜ਼ਾਈਲਾਂ, 60 ਕਰੂਜ਼ ਮਿਜ਼ਾਈਲਾਂ ਅਤੇ 298 ਡਰੋਨਾਂ ਨਾਲ ਹਮਲਾ ਕੀਤਾ।

## ਓਟਵਾ ਦੇ ਇੱਕ ਵਿਅਕਤੀ 'ਤੇ ਲਾਪਤਾ ਔਰਤ ਦੇ ਕਤਲ ਮਾਮਲੇ 'ਚ ਸੈਕਿੰਡ ਡਿਗਰੀ ਕਤਲ ਦਾ ਲੱਗਾ ਦੋਸ਼



ਓਟਵਾ, 26 ਮਈ (ਪੋਸਟ ਬਿਊਰੋ): ਓਟਵਾ ਦੇ ਇਕ 35 ਸਾਲਾ ਜੋਸ਼ੂਆ ਬਲੇਅਰ 'ਤੇ ਇੱਕ ਲਾਪਤਾ ਔਰਤ ਦੇ ਕਥਿਤ ਕਤਲ ਵਿੱਚ ਦੂਜੀ-ਡਿਗਰੀ ਕਤਲ ਦੇ ਦੋਸ਼ ਲੱਗੇ ਹਨ, ਜਿਸਨੂੰ ਆਖਰੀ ਵਾਰ ਮਾਰਚ ਵਿੱਚ ਸੈਂਟਰਟਾਊਨ ਵਿੱਚ ਦੇਖਿਆ ਗਿਆ ਸੀ। ਬੀਤੀ 2 ਅਪ੍ਰੈਲ ਨੂੰ ਪੁਲਿਸ ਨੇ 54 ਸਾਲਾ ਰਚੇਲ ਡੇਸਰੋਚਰਜ਼ ਨੂੰ ਲੱਭਣ ਵਿੱਚ ਜਨਤਾ ਤੋਂ ਮਦਦ ਮੰਗੀ। ਉਸਨੂੰ ਆਖਰੀ ਵਾਰ 14 ਮਾਰਚ ਨੂੰ ਮੈਕਡੋਨਲਡਜ਼ ਦੇ ਸਾਹਮਣੇ ਐਲਗਿਨ ਸਟਰੀਟ 'ਤੇ ਦੇਖਿਆ ਗਿਆ ਸੀ। ਪੁਲਸ ਨੇ ਕਿਹਾ ਕਿ ਰਚੇਲ ਦੇ ਅਵਸ਼ੇਸ਼ ਅਜੇ ਤੱਕ ਬਰਾਮਦ ਨਹੀਂ ਹੋਏ ਹਨ, ਜਾਂਚਕਰਤਾਵਾਂ ਮੰਨ ਰਹੇ ਹਨ ਕਿ ਉਸਨੂੰ ਦਾ ਕਤਲ ਕੀਤਾ ਗਿਆ ਸੀ ਅਤੇ ਲਾਸ਼ ਇੱਕ ਸਥਾਨਕ ਲੈਂਡਫਿਲ ਵਿੱਚ ਸਥਿਤ ਹੋ ਸਕਦੀ ਹੈ, ਜਿੱਥੇ ਖੋਜ ਦੇ ਯਤਨ ਜਾਰੀ ਹੈ। ਮੁਲਜ਼ਮ 'ਤੇ ਦੂਜੀ-ਡਿਗਰੀ ਕਤਲ ਅਤੇ ਇੱਕ ਲਾਸ਼ ਦੀ ਬੇਅਦਬੀ ਦਾ ਦੋਸ਼ ਲਾਇਆ ਗਿਆ ਹੈ। ਉਸ ਨੂੰ ਐਤਵਾਰ ਸਵੇਰੇ ਅਦਾਲਤ ਵਿੱਚ ਪੇਸ਼ ਕੀਤਾ ਗਿਆ।

ਪੁਲਸ ਨੇ ਘਟਨਾ ਬਾਰੇ ਜਾਣਕਾਰੀ ਵਾਲੇ ਕਿਸੇ ਵੀ ਵਿਅਕਤੀ ਨੂੰ ਓਟਾਵਾ ਪੁਲਿਸ ਸੇਵਾ ਹੋਮੀਸਾਈਡ ਯੂਨਿਟ 613-236-1222, ਐਕਸਟੈਂਸ਼ਨ 5493, ਜਾਂ ਕ੍ਰਾਈਮ ਸਟੌਪਰਸ ਨੂੰ ਗੁਮਨਾਮ ਰਹਿਣ ਲਈ 1-800-222-8477 'ਤੇ ਕਾਲ ਕਰਨ ਦੀ ਅਪੀਲ ਕੀਤੀ ਹੈ।

## ਕੁਵੈਤ ਨੇ 37 ਹਜ਼ਾਰ ਲੋਕਾਂ ਦੀ ਨਾਗਰਿਕਤਾ ਕੀਤੀ ਰੱਦ



ਕੁਵੈਤਸਿਟੀ, 26 ਮਈ (ਪੋਸਟ ਬਿਊਰੋ): ਕੁਵੈਤ ਸਰਕਾਰ ਨੇ 26,000 ਔਰਤਾਂ ਸਮੇਤ 37,000 ਤੋਂ ਵੱਧ ਲੋਕਾਂ ਦੀ ਨਾਗਰਿਕਤਾ ਰੱਦ ਕਰ ਦਿੱਤੀ ਹੈ। ਇਸ ਕਦਮ ਨੂੰ ਅਮੀਰ ਸ਼ੇਖ ਮਸ਼ਾਲ ਅਲ-ਅਹਿਮਦ ਅਲ-ਸਬਾਹ ਦੇ ਸੁਧਾਰਵਾਦੀ ਏਜੰਡੇ ਦਾ ਹਿੱਸਾ ਦੱਸਿਆ ਜਾ ਰਿਹਾ ਹੈ, ਜਿਸਦਾ ਉਦੇਸ਼ ਸਿਰਫ ਉਨ੍ਹਾਂ ਲੋਕਾਂ ਨੂੰ ਨਾਗਰਿਕਤਾ ਦੇਣਾ ਹੈ ਜਿਨ੍ਹਾਂ ਦੇ ਕੁਵੈਤ ਨਾਲ ਖੂਨ ਦੇ ਰਿਸ਼ਤੇ ਹਨ। ਵਿਆਹ ਰਾਹੀਂ ਨਾਗਰਿਕਤਾ ਪ੍ਰਾਪਤ ਕਰਨ ਵਾਲੀਆਂ ਔਰਤਾਂ ਨੂੰ ਵਿਸ਼ੇਸ਼ ਤੌਰ 'ਤੇ ਨਿਸ਼ਾਨਾ ਬਣਾਇਆ ਗਿਆ ਹੈ। 1987 ਤੋਂ ਬਾਅਦ ਹਜ਼ਾਰਾਂ ਅਜਿਹੀਆਂ ਔਰਤਾਂ ਨੂੰ ਨਾਗਰਿਕਤਾ ਦਿੱਤੀ ਗਈ ਸੀ, ਜਿਸਨੂੰ ਹੁਣ ਰੱਦ ਕੀਤਾ ਜਾ ਰਿਹਾ ਹੈ।
ਨਾਗਰਿਕਤਾ ਰੱਦ ਕਰਨ ਤੋਂ ਪ੍ਰਭਾਵਿਤ ਲੋਕਾਂ ਨੂੰ ਹੁਣ ਕਾਨੂੰਨੀ ਅਨਿਸ਼ਚਿਤਤਾ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਬੈਂਕ ਖਾਤੇ ਫ੍ਰੀਜ਼ ਕੀਤੇ ਜਾ ਰਹੇ ਹਨ, ਪੈਨਸ਼ਨਾਂ ਰੋਕੀਆਂ ਜਾ ਰਹੀਆਂ ਹਨ ਅਤੇ ਪਛਾਣ ਗੁਆਉਣ ਦਾ ਦਰਦ ਮਹਿਸੂਸ ਕੀਤਾ ਜਾ ਰਿਹਾ ਹੈ।

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

# ਪੰਜਾਬ ਵਿਚ ਲੋਕਾਂ ਦੀ ਖੱਜਲ-ਖੁਆਰੀ ਖਤਮ ਕਰਨ ਲਈ ਦੇਸ਼ ਦੀ ਪਹਿਲੀ ਜਾਇਦਾਦ ਰਜਿਸਟ੍ਰੇਸ਼ਨ ਪ੍ਰਣਾਲੀ ਸ਼ੁਰੂ

## * ਸਿਰਫ 48 ਘੰਟਿਆਂ ਦੇ ਅੰਦਰ ਰਜਿਸਟਰੀ ਦੀ ਪ੍ਰਕਿਰਿਆ ਹੋਵੇਗੀ ਮੁਕੰਮਲ, ਇਕ ਅਗਸਤ ਤੱਕ ਪੰਜਾਬ ਭਰ ਵਿੱਚ ਲਾਗੂ ਹੋਵੇਗੀ ਨਵੀਂ ਪ੍ਰਣਾਲੀ : ਅਰਵਿੰਦ ਕੇਜਰੀਵਾਲ
## * ਲੰਬੀਆਂ ਕਤਾਰਾਂ ਅਤੇ ਵਿਚੋਲਿਆਂ ਦਾ ਦੌਰ ਖਤਮ ਹੋਇਆ, ਨਾਗਰਿਕਾਂ ਨੂੰ ਵਟਸਐਪ ਰਾਹੀਂ ਸਹੀ ਸਮੇਂ 'ਤੇ ਮਿਲੇਗੀ ਰਜਿਸਟਰੀ ਨਾਲ ਜੁੜੀ ਹਰੇਕ ਜਾਣਕਾਰੀ : ਭਗਵੰਤ ਮਾਨ

ਚੰਡੀਗੜ੍ਹ, 26 ਮਈ (ਪੋਸਟ ਬਿਊਰੋ): ਆਮ ਲੋਕਾਂ ਨੂੰ ਨਾਗਰਿਕ ਕੇਂਦਰਿਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਅੱਜ 'ਈਜ਼ੀ ਰਜਿਸਟਰੀ' ਪ੍ਰਣਾਲੀ (ਜ਼ਮੀਨ-ਜਾਇਦਾਦ ਦੀ ਰਜਿਸਟਰੀ ਸੌਖੇ ਢੰਗ ਨਾਲ ਕਰਨ) ਦੀ ਸ਼ੁਰੂਆਤ ਕਰ ਦਿੱਤੀ ਹੈ ਜਿਸ ਨੂੰ ਪੰਜਾਬ ਦੇ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਸਮਰਪਿਤ ਕੀਤਾ।

ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ, "ਪੰਜਾਬ ਦੇ ਇਤਿਹਾਸ ਵਿੱਚ ਇਹ ਇਨਕਲਾਬੀ ਕਦਮ ਹੈ। ਲੋਕਾਂ ਨੂੰ ਹੁਣ ਦਫ਼ਤਰਾਂ ਵਿੱਚ ਖੱਜਲ-ਖੁਆਰ ਨਹੀਂ ਹੋਣਾ ਪਵੇਗਾ ਅਤੇ ਨਾ ਹੀ ਏਜੰਟਾਂ ਜਾਂ ਵਿਚੋਲਿਆਂ ਨਾਲ ਵਾਹ ਪਵੇਗਾ ਕਿਉਂਕਿ ਹੁਣ ਸ਼ੁਰੂ ਤੋਂ ਲੈ ਕੇ ਅੰਤ ਤੱਕ ਹਰ ਜਾਣਕਾਰੀ ਮੋਬਾਈਲ 'ਤੇ ਮਿਲਿਆ ਕਰੇਗੀ ਅਤੇ ਇਹ ਪ੍ਰਣਾਲੀ ਤੇਜ਼ ਅਤੇ ਪਾਰਦਰਸ਼ੀ ਹੋਵੇਗੀ।"

ਇਸ ਪ੍ਰਾਜੈਕਟ ਦੀ ਸ਼ੁਰੂਆਤ ਤੋਂ ਬਾਅਦ ਪੰਜਾਬ ਦੇ ਮੁੱਖ ਮੰਤਰੀ ਅਤੇ ਆਪ ਦੇ ਕੌਮੀ ਕਨਵੀਨਰ ਨੇ ਕਿਹਾ ਕਿ ਲੋਕਾਂ ਨੂੰ ਜ਼ਮੀਨ-ਜਾਇਦਾਦ ਦੀ ਰਜਿਸਟਰੀ ਲਈ ਹੁਣ ਸਥਾਨਕ ਸਬ-ਰਜਿਸਟਰਾਰ ਦਫਤਰ ਵਿੱਚ ਜਾਣ ਦੀ ਲੋੜ ਨਹੀਂ ਸਗੋਂ ਜਿੱਥੇ ਚਾਹੁਣ, ਜ਼ਿਲ੍ਹੇ ਦੇ ਕਿਸੇ ਵੀ ਸਬ-ਰਜਿਸਟਰਾਰ ਦਫ਼ਤਰ ਵਿੱਚ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਦਸਤਾਵੇਜ਼ ਤਿਆਰ ਕਰਨ ਲਈ ਹੈਲਪਲਾਈਨ ਨੰਬਰ 1076 ਰਾਹੀਂ ਸੇਵਾ ਸਹਾਇਕਾਂ ਨੂੰ ਘਰ ਵੀ ਬੁਲਾਇਆ ਜਾ ਸਕਦਾ ਹੈ। ਇਸ ਨਾਲ ਪੇਂਡੂ ਪਰਿਵਾਰਾਂ, ਸੀਨੀਅਰ ਨਾਗਰਿਕਾਂ, ਕੰਮਕਾਜ ਵਾਲੇ ਪੇਸ਼ੇਵਰਾਂ ਅਤੇ ਬਾਹਰ ਨਾ ਜਾ ਸਕਣ ਵਾਲਿਆਂ ਨੂੰ ਵੱਡੀ ਸਹੂਲਤ ਮਿਲੇਗੀ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਨਵੀਂ ਪ੍ਰਣਾਲੀ ਤਹਿਤ ਲੋਕਾਂ ਨੂੰ ਰਜਿਸਟਰੀ ਲਈ ਦਸਤਾਵੇਜ਼ ਜਮ੍ਹਾਂ ਕਰਵਾਉਣ, ਪ੍ਰਵਾਨਗੀ, ਅਦਾਇਗੀ ਅਤੇ ਦਫਤਰ ਆਉਣ ਦਾ ਸਮਾਂ ਲੈਣ ਜਿਹੀ ਸਾਰੀ ਜਾਣਕਾਰੀ ਵਟਸਐਪ ਰਾਹੀਂ ਮਿਲਿਆ ਕਰੇਗੀ ਤਾਂ ਕਿ ਉਹ ਪਲ-ਪਲ ਦੀ ਸੂਚਨਾ ਬਾਰੇ ਜਾਣੂੰ ਹੋ ਸਕਣ। ਪੰਜਾਬ ਦੇ ਮੁੱਖ ਮੰਤਰੀ ਅਤੇ ਆਪ ਦੇ ਕੌਮੀ ਕਨਵੀਨਰ ਨੇ ਕਿਹਾ ਕਿ ਹੁਣ ਬੇਯਕੀਨੀ ਦਾ ਦੌਰ ਖਤਮ ਹੋ ਗਿਆ ਹੈ ਜਿਸ ਨਾਲ ਸਿਸਟਮ ਵਿੱਚ ਲੋਕਾਂ ਦਾ ਭਰੋਸਾ ਹੋਰ ਵਧੇਗਾ। ਉਨ੍ਹਾਂ ਕਿਹਾ ਕਿ ਆਨਲਾਈਨ ਦਸਤਾਵੇਜ਼ ਜਮ੍ਹਾਂ ਕਰਵਾਉਣ, ਡਿਜੀਟਲ ਵਿਧੀ ਨਾਲ ਅਗਾਊਂ ਪੜਤਾਲ ਕਰਨ ਅਤੇ ਰਜਿਸਟਰੀ ਲਈ ਸਬ-ਰਜਿਸਟਰਾਰ ਦਫ਼ਤਰ ਜਾਣ ਲਈ ਖੁਦ ਹੀ ਸਮੇਂ ਦੀ ਚੋਣ ਕਰਨ ਵਰਗੀਆਂ ਸਹੂਲਤਾਂ ਹੋਣਗੀਆਂ ਅਤੇ ਕਿਸੇ ਵੀ ਨਾਗਰਿਕ ਨੂੰ ਹੁਣ ਲੰਮੀਆਂ ਲਾਈਨਾਂ ਵਿੱਚ ਲੱਗਣ ਅਤੇ ਦਫ਼ਤਰਾਂ ਦੇ ਵਾਰ-ਵਾਰ ਗੇੜੇ ਮਾਰਨ ਦੀ ਲੋੜ ਨਹੀਂ ਹੈ। ਭਗਵੰਤ ਸਿੰਘ ਮਾਨ ਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ 48 ਘੰਟਿਆਂ ਦੇ ਅੰਦਰ ਅਗਾਊਂ ਪੜਤਾਲ ਕਰਨੀ ਹੋਵੇਗੀ ਅਤੇ ਰਜਿਸਟਰੀ ਕਰਵਾਉਣ ਲਈ ਉਡੀਕ ਨਹੀਂ ਕਰਨੀ ਪੇਵਗੀ ਸਗੋਂ ਰਜਿਸਟਰੀ ਪਹਿਲਾਂ ਤੋਂ ਨਿਰਧਾਰਤ ਸਮੇਂ 'ਤੇ ਹੋਵੇਗੀ ਜਿਸ ਨਾਲ ਲੋਕਾਂ ਦਾ ਸਮਾਂ ਬਚੇਗਾ।

ਮੁੱਖ ਮੰਤਰੀ ਤੇ ਕੌਮੀ ਕਨਵੀਨਰ ਨੇ ਕਿਹਾ ਕਿ ਇਸ ਵਿਵਸਥਾ ਨਾਲ ਏਜੰਟ ਕਲਚਰ ਦਾ ਖਾਤਮਾ ਹੋ ਗਿਆ ਹੈ ਕਿਉਂਕਿ ਹੁਣ ਨਗਦੀ ਦੀ ਬਜਾਏ ਆਨਲਾਈਨ ਫੀਸ ਦਾ ਭੁਗਤਾਨ ਹੋਵੇਗਾ ਅਤੇ ਰਿਸ਼ਵਤ ਮੰਗਣ ਬਾਰੇ ਸ਼ਿਕਾਇਤ ਦੇਣ ਲਈ ਵਟਸਐਪ ਨੰਬਰ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸੇਲ ਡੀਡ ਦਾ ਖਰੜਾ ਖੁਦ ਤਿਆਰ ਕਰਨ ਦੀ ਵਿਵਸਥਾ ਕੀਤੀ ਗਈ ਹੈ। ਇਸ ਤੋਂ ਇਲਾਵਾ ਸੇਵਾ ਸਹਾਇਕਾਂ ਰਾਹੀਂ ਘਰ ਬੈਠਿਆਂ ਰਜਿਸਟਰੀ ਦੇ ਦਸਤਾਵੇਜ਼ ਤਿਆਰ ਕਰਨ ਲਈ ਸੇਵਾਵਾਂ ਹਾਸਲ ਹੋਣਗੀਆਂ ਜਿਸ ਨਾਲ ਲੋਕਾਂ ਨੂੰ ਸੇਲ ਡੀਡ ਤਿਆਰ ਕਰਨ ਲਈ ਪ੍ਰਾਈਵੇਟ ਲੋਕਾਂ ਅਤੇ ਵਿਚੋਲਿਆਂ ਰਾਹੀਂ ਵਸੂਲੀਆਂ ਜਾਂਦੀਆਂ ਮੋਟੀਆਂ ਫੀਸਾਂ ਨਹੀਂ ਦੇਣੀਆਂ ਪੈਣਗੀਆਂ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਨਾਗਰਿਕ "ਡਰਾਫਟ ਮਾਈ ਡੀਡ" ਟੂਲ ਦੀ ਵਰਤੋਂ ਕਰਕੇ ਆਪਣਾ ਦਸਤਾਵੇਜ਼ ਖੁਦ ਤਿਆਰ ਕਰ ਸਕਦੇ ਹਨ ਜਾਂ ਸੇਵਾ ਕੇਂਦਰਾਂ ਜਾਂ ਸੇਵਾ ਸਹਾਇਕਾਂ ਰਾਹੀਂ ਨਿਰਧਾਰਤ ਅਤੇ ਘੱਟ ਫੀਸ ਨਾਲ ਸਹਾਇਤਾ ਲੈ ਸਕਦੇ ਹਨ।

ਮੁੱਖ ਮੰਤਰੀ ਅਤੇ 'ਆਪ' ਦੇ ਕੌਮੀ ਕਨਵੀਨਰ ਨੇ ਕਿਹਾ ਕਿ ਇਹ ਕਦਮ ਸਵੈ-ਨਿਰਭਰਤਾ ਵਧਾਉਂਦਾ ਹੈ ਤੇ ਪ੍ਰਾਈਵੇਟ ਲੋਕਾਂ 'ਤੇ ਨਿਰਭਰਤਾ ਘਟਾਉਂਦਾ ਹੈ ਅਤੇ ਲੋਕਾਂ ਨੂੰ ਸਰਕਾਰੀ ਸਿਸਟਮ ਵਿੱਚ ਹੋਰ ਤਾਕਤਵਰ ਬਣਾਉਂਦਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਰਜਿਸਟਰੀ ਦੀ ਫੀਸ ਦੇ ਭੁਗਤਾਨ ਲਈ ਬੈਂਕਾਂ ਵੱਲ ਨਹੀਂ ਭੱਜਣਾ ਪਵੇਗਾ।



ਉਨ੍ਹਾਂ ਕਿਹਾ ਕਿ ਆਨਲਾਈਨ ਭੁਗਤਾਨ ਲਈ ਵਿਸ਼ੇਸ਼ ਗੇਟਵੇ ਨਾਗਰਿਕਾਂ ਨੂੰ ਡਿਜੀਟਲ ਲੈਣ-ਦੇਣ ਵਿੱਚ ਸਾਰੀਆਂ ਫੀਸਾਂ (ਜਿਵੇਂ ਸਟੈਂਪ ਡਿਊਟੀ, ਰਜਿਸਟ੍ਰੇਸ਼ਨ ਫੀਸ) ਦਾ ਭੁਗਤਾਨ ਕਰਨ ਦੀ ਆਗਿਆ ਦਿੰਦਾ ਹੈ ਜਿਸ ਨਾਲ ਬੈਂਕਾਂ ਵਿੱਚ ਆ ਕੇ ਡਿਮਾਂਡ ਡਰਾਫਟ ਤਿਆਰ ਕਰਨ ਦੀ ਲੋੜ ਨਹੀਂ ਰਹੀ ਅਤੇ ਨਗਦੀ ਕੋਲ ਹੋਣ ਕਰਕੇ ਸੁਰੱਖਿਆ ਦੀ ਚਿੰਤਾ ਵੀ ਨਹੀਂ ਰਹੇਗੀ। ਇਸ ਸਿਸਟਮ ਨੂੰ ਲੋਕਾਂ ਦਾ ਸਮਾਂ, ਪੈਸਾ ਅਤੇ ਊਰਜਾ ਦੀ ਬੱਚਤ ਕਰਨ ਵਾਲਾ ਮਹੱਤਵਪੂਰਨ ਕਦਮ ਦੱਸਦਿਆਂ ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ 48 ਘੰਟਿਆਂ ਦੇ ਅੰਦਰ ਦਸਤਾਵੇਜ਼ਾਂ ਦੀ ਅਗਾਊਂ ਪੜਤਾਲ ਹੋਵੇਗੀ ਅਤੇ ਤੈਅ ਸਮੇਂ ਮੁਤਾਬਕ ਰਜਿਸਟ੍ਰੇਸ਼ਨ ਹੋਵੇਗੀ ਜਿਸ ਨਾਲ ਕਬੀਲਦਾਰੀਆਂ ਵਿੱਚ ਰੁੱਝੇ ਲੋਕਾਂ ਜਾਂ ਨੌਕਰੀਪੇਸ਼ਾ ਲੋਕਾਂ ਦਾ ਸਮਾਂ ਖਰਾਬ ਨਹੀਂ ਹੋਵੇਗਾ ਅਤੇ ਅਸਿੱਧੇ ਤੌਰ 'ਤੇ ਵਿੱਤੀ ਬੱਚਤ ਵੀ ਹੋਵੇਗੀ।

ਪੰਜਾਬ ਦੇ ਮੁੱਖ ਮੰਤਰੀ ਅਤੇ ਆਪ ਦੇ ਕੌਮੀ ਕਨਵੀਨਰ ਨੇ ਕਿਹਾ ਕਿ ਸਰਕਾਰ ਦੇ ਨਿਰਧਾਰਤ ਰੇਟ ਅਤੇ 'ਕੈਲਕੁਲੇਟ ਮਾਈ ਫੀਸ' ਦੇ ਆਨਲਾਈਨ ਪੋਰਟਲ ਰਾਹੀਂ ਲੋਕ ਆਪਣੇ ਖਰਚਿਆਂ ਦੀ ਵਿਵਸਥਾ ਚੰਗੇ ਢੰਗ ਨਾਲ ਕਰ ਸਕਣਗੇ ਅਤੇ ਏਜੰਟਾਂ ਉਤੇ ਨਿਰਭਰਤਾ ਖਤਮ ਹੋਣ ਨਾਲ ਮੌਕੇ ਉਤੇ ਵੱਧ ਪੈਸੇ ਮੰਗਣ ਜਾਂ ਲੁਕਵੇਂ ਖਰਚਿਆਂ ਦੀ ਵਿਵਸਥਾ ਖਤਮ ਹੋਵੇਗੀ ਜਿਸ ਨਾਲ ਲੋਕਾਂ ਨੂੰ ਆਪਣਾ ਵਿੱਤੀ ਪ੍ਰਬੰਧਨ ਸੁਧਾਰਨ ਦਾ ਮੌਕਾ ਮਿਲੇਗਾ।

ਉਨ੍ਹਾਂ ਕਿਹਾ ਕਿ ਨਵੇਂ ਸਿਸਟਮ ਦੇ ਮੁਤਾਬਕ ਨਿਰਵਿਘਨ ਰਜਿਸਟ੍ਰੇਸ਼ਨ ਦੀ ਵਿਵਸਥਾ ਲੋਕਾਂ ਦਾ ਪੈਸਾ ਤੇ ਸਮਾਂ ਬਚਾਉਣ ਦੇ ਨਾਲ-ਨਾਲ ਮਨ ਨੂੰ ਸਕੂਨ ਦੇਣ ਵਾਲਾ ਬਣਾਇਆ ਗਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਵਿਲੱਖਣ ਪ੍ਰੋਗਰਾਮ 'ਜਿੱਥੋਂ ਚਾਹੋ, ਰਜਿਸਟਰੀ ਕਰਵਾਓ' ਦੇ ਮੁਤਾਬਕ ਕੰਮ ਕਰੇਗਾ ਜੋ ਲੋਕਾਂ ਨੂੰ ਸਥਾਨਕ ਦੀ ਬਜਾਏ ਜ਼ਿਲ੍ਹੇ ਦੇ ਕਿਸੇ ਵੀ ਸਬ-ਰਜਿਸਟਰਾਰ ਦਫ਼ਤਰ ਤੋਂ ਰਜਿਸਟਰੀ ਕਰਵਾਉਣ ਦੀ ਖੁੱਲ੍ਹ ਦੇਵੇਗਾ। ਉਨ੍ਹਾਂ ਕਿਹਾ ਕਿ ਇਸ ਦੀ ਸ਼ੁਰੂਆਤ ਮੋਹਾਲੀ ਤੋਂ ਸਫਲਤਾਪੂਰਵਕ ਕੀਤੀ ਗਈ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਇਸ ਨੂੰ ਪੂਰੇ ਸੂਬੇ ਵਿੱਚ ਲਾਗੂ ਕੀਤਾ ਜਾਵੇਗਾ।

ਮੁੱਖ ਮੰਤਰੀ ਅਤੇ 'ਆਪ' ਦੇ ਕੌਮੀ ਕਨਵੀਨਰ ਨੇ ਕਿਹਾ ਕਿ ਸੂਬੇ ਭਰ ਵਿੱਚ 15 ਜੁਲਾਈ ਤੋਂ ਇਸ ਪ੍ਰਣਾਲੀ ਦੀ ਸ਼ੁਰੂਆਤ ਹੋਵੇਗੀ। ਉਨ੍ਹਾਂ ਅੱਗੇ ਦੱਸਿਆ ਕਿ 15 ਜੁਲਾਈ ਤੋਂ 1 ਅਗਸਤ ਤੱਕ ਇਸ ਪ੍ਰਣਾਲੀ ਦਾ ਟ੍ਰਾਇਲ ਸੂਬੇ ਦੇ ਹਰ ਜ਼ਲ੍ਹਿ ਵਿੱਚ ਕੀਤਾ ਜਾਵੇਗਾ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ 1 ਅਗਸਤ ਤੋਂ ਆਮ ਆਦਮੀ ਦੀ ਸਹੂਲਤ ਲਈ ਇਹ ਪ੍ਰਣਾਲੀ ਪੂਰੇ ਸੂਬੇ ਵਿੱਚ ਪੂਰਨ ਤੌਰ 'ਤੇ ਲਾਗੂ ਹੋ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਨਵੇਂ ਸਿਸਟਮ ਮੁਤਾਬਕ ਜੇਕਰ ਰਜਿਸਟਰੀ ਦੇ ਦਸਤਾਵੇਜ਼ਾਂ ਦੀ ਦਰੁਸਤੀ ਹੋਣੀ ਹੈ ਤਾਂ ਉਸ ਬਾਰੇ ਪਹਿਲਾਂ ਹੀ ਸੂਚਿਤ ਕਰ ਦਿੱਤਾ ਜਾਵੇਗਾ ਤਾਂ ਕਿ ਰਜਿਸਟਰੀ ਵਾਲੇ ਦਿਨ ਮੌਕੇ ਉਤੇ ਅਜਿਹੀ ਕੋਈ ਦਿੱਕਤ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਜੇਕਰ ਸਬ-ਰਜਿਸਟਰਾਰ/ਤਹਿਸੀਲਦਾਰ ਦਸਤਵੇਜ਼ਾਂ ਉਤੇ ਕੋਈ ਇਤਰਾਜ਼ ਲਾਉਂਦਾ ਹੈ ਤਾਂ ਸਬੰਧਤ ਵਿਅਕਤੀ ਨੂੰ ਉਸੇ ਵੇਲੇ ਮੋਬਾਈਲ ਸੰਦੇਸ਼ ਜ਼ਰੀਏ ਪਤਾ ਲੱਗ ਜਾਵੇਗਾ ਅਤੇ ਡਿਪਟੀ ਕਮਿਸ਼ਨਰ ਅਤੇ ਐਸ.ਡੀ.ਐਮ. ਜਿਹੇ ਸੀਨੀਅਰ ਅਧਿਕਾਰੀ ਇਨ੍ਹਾਂ ਸਾਰੇ ਇਤਰਾਜ਼ਾਂ ਦੀ ਸਚਾਈ ਜਾਣਨ ਲਈ ਘੋਖ ਵੀ ਕਰਨਗੇ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਸ ਕਦਮ ਨਾਲ ਭ੍ਰਿਸ਼ਟਾਚਾਰ ਨੂੰ ਨੱਥ ਪਵੇਗੀ ਅਤੇ ਜੇਕਰ ਕੋਈ ਜਾਣਬੁੱਝ ਕੇ ਦੇਰੀ ਕਰਦਾ ਹੈ ਤਾਂ ਉਸ ਖਿਲਾਫ਼ ਸਖ਼ਤ ਕਾਰਵਾਈ ਹੋਵੇਗੀ।

ਮੁੱਖ ਮੰਤਰੀ ਅਤੇ ਆਪ ਦੇ ਕੌਮੀ ਕਨਵੀਨਰ ਨੇ ਕਿਹਾ ਕਿ ਰਜਿਸਟਰੀ ਨੂੰ ਲੈ ਕੇ ਜੇਕਰ ਕਿਸੇ ਨੂੰ ਸ਼ਿਕਾਇਤ ਹੈ ਤਾਂ ਵਟਸਐਪ ਰਾਹੀਂ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨਾਗਰਿਕ ਪਾਸੋਂ ਰਿਸ਼ਵਤ ਮੰਗੀ ਜਾਂਦੀ ਹੈ ਤਾਂ ਵਟਸਐਪ ਲਿੰਕ ਰਾਹੀਂ ਤੁਰੰਤ ਸ਼ਿਕਾਇਤ ਦਰਜ ਕਰਵਾ ਸਕਦਾ ਹੈ ਅਤੇ ਰਿਸ਼ਵਤ ਮੰਗਣ ਵਾਲੇ ਅਧਿਕਾਰੀ ਖਿਲਾਫ਼ ਕੀਤੀ ਗਈ ਕਾਰਵਾਈ ਬਾਰੇ ਤਾਜ਼ਾ ਜਾਣਕਾਰੀ ਵੀ ਮਿਲੇਗੀ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਸ ਵਿਲੱਖਣ ਪਹਿਲਕਦਮੀ ਨੇ ਜਨਤਕ ਸੇਵਾਵਾਂ ਦੇ ਖੇਤਰ ਵਿੱਚ ਨਵੇਂ ਦਿਸਹੱਦੇ ਕਾਇਮ ਕੀਤੇ ਹਨ ਕਿਉਂ ਜੋ ਹੁਣ ਲੋਕਾਂ ਨੂੰ ਘਰ ਬੈਠਿਆਂ ਬਿਨਾਂ ਕਿਸੇ ਪ੍ਰੇਸ਼ਾਨੀ ਤੋਂ ਨਾਗਰਿਕ ਕੇਂਦਰਿਤ ਸੇਵਾਵਾਂ ਮਿਲ ਰਹੀਆਂ ਹਨ।

ਮੁੱਖ ਮੰਤਰੀ ਅਤੇ 'ਆਪ' ਦੇ ਕੌਮੀ ਕਨਵੀਨਰ ਨੇ ਕਿਹਾ ਕਿ ਤਹਿਸੀਲਾਂ ਵਿੱਚ ਭ੍ਰਿਸ਼ਟਾਚਾਰ ਦੀਆਂ ਜੜ੍ਹਾਂ ਬਹੁਤ ਡੂੰਘੀਆਂ ਅਤੇ ਗੁੰਝਲਦਾਰ ਹਨ ਪਰ ਇਹ ਪ੍ਰਣਾਲੀ ਇਸ ਅਲਾਮਤ ਦੇ ਖਾਤਮੇ ਵੱਲ ਇਕ ਕ੍ਰਾਂਤੀਕਾਰੀ ਕਦਮ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਕਿਸੇ ਹੋਰ ਸੂਬੇ ਵਿੱਚ ਇੰਨੀ ਮਜ਼ਬੂਤ ਰਜਿਸਟ੍ਰੇਸ਼ਨ ਪ੍ਰਣਾਲੀ ਨਹੀਂ ਹੈ ਅਤੇ ਇਹ ਪ੍ਰਣਾਲੀ ਜਨਤਕ ਸਹੂਲਤ ਲਈ ਨਵੇਂ ਯੁੱਗ ਦੀ ਸ਼ੁਰੂਆਤ ਕਰੇਗਾ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਉਮੀਦ ਪ੍ਰਗਟਾਈ ਕਿ ਇਹ ਵਿਵਸਥਾ ਦੇਸ਼ ਦੇ ਹੋਰ ਹਿੱਸਿਆਂ ਵਿੱਚ ਵੀ ਲਾਗੂ ਹੋਵੇਗੀ ਕਿਉਂਕਿ ਦੂਜੇ ਸੂਬਿਆਂ ਲਈ ਪੰਜਾਬ ਚਾਨਣ ਮੁਨਾਰਾ ਬਣ ਕੇ ਉੱਭਰਿਆ ਹੈ।

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:

- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals




Gurpreet Purba
Broker, CRA
416-669-1423
www.purbahomes.com







# ਵਿਜੈ ਗਰਗ ਦੀ ਕਿਤਾਬ ਵੈਦਿਕ ਗਣਿਤ ਲੋਕ ਅਰਪਣ



ਜੀ ਟੀ ਬੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਮਲੋਟ ਦੀ ਪ੍ਰਿੰਸੀਪਲ ਸ਼੍ਰੀਮਤੀ ਸੋਨੀਆ ਸ਼ਰਮਾ ਨੇ ਅੱਜ ". ਵੈਦਿਕ ਗਣਿਤ (ਅਧਿਆਪਕ ਦਾ ਮੈਨੂਅਲ)" ਕਿਤਾਬ ਲੋਕ ਅਰਪਣ ਕੀਤੀ।

ਇਹ ਕਿਤਾਬ ਪ੍ਰਸਿੱਧ ਲੇਖਕ ਅਤੇ ਸੇਵਾਮੁਕਤ ਪ੍ਰਿੰਸੀਪਲ ਵਿਜੈ ਗਰਗ ਦੁਆਰਾ ਲਿਖੀ ਗਈ ਹੈ। ਇਸ ਮੌਕੇ ਸੀਨੀਅਰ ਅਧਿਆਪਕ ਵੀ ਮੌਜੂਦ ਸਨ। ਕਿਤਾਬ ਰਿਲੀਜ਼ ਸਮਾਗਮ ਦੌਰਾਨ ਬੋਲਦਿਆਂ ਪ੍ਰਿੰਸੀਪਲ ਨੇ ਵਿਜੈ ਗਰਗ ਦੇ ਸਿੱਖਿਆ ਖੇਤਰ ਵਿੱਚ ਕੀਤੇ ਗਏ ਕੰਮਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਹ ਕਿਤਾਬ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੇਣ ਜਾ ਰਹੇ ਵਿਦਿਆਰਥੀਆਂ ਲਈ ਬਹੁਤ ਲਾਭਦਾਇਕ ਹੈ।

ਪ੍ਰਿੰਸੀਪਲ ਨੇ ਅੱਗੇ ਕਿਹਾ ਕਿ ਵਿਜੈ ਗਰਗ ਦੁਆਰਾ ਲਿਖੀ ਗਈ ਇਹ ਕਿਤਾਬ ਵਿਦਿਆਰਥੀਆਂ ਅਤੇ ਸਮਾਜ ਲਈ ਮਾਰਗਦਰਸ਼ਨ ਲਈ ਹਮੇਸ਼ਾ ਕੰਮ ਕਰੇਗੀ ਅਤੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਬਹੁਤ ਮਦਦਗਾਰ ਹੋਵੇਗੀ। ਕਿਤਾਬ ਜਾਰੀ ਕਰਨ ਦੇ ਮੌਕੇ 'ਤੇ ਬੋਲਦਿਆਂ ਵਿਜੈ ਗਰਗ ਨੇ ਕਿਹਾ ਕਿ ਲਾਜ਼ੀਕਲ ਰੀਜਨਿੰਗ ਇੱਕ ਜ਼ਰੂਰੀ ਹੁਨਰ ਹੈ ਜੋ ਵਿਦਿਆਰਥੀਆਂ ਨੂੰ ਸਪਸ਼ਟ ਤੌਰ 'ਤੇ ਸੋਚਣ, ਸਥਿਤੀਆਂ ਦਾ ਵਿਸ਼ਲੇਸ਼ਣ ਕਰਨ ਅਤੇ ਸਮੱਸਿਆਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕਰਨ ਵਿੱਚ ਮਦਦ ਕਰਦਾ ਹੈ। ਇਹ ਕਿਤਾਬ ਲਾਜ਼ੀਕਲ ਰੀਜਨਿੰਗ, ਵਿਸ਼ੇਸ਼ ਤੌਰ 'ਤੇ ਨੌਜਵਾਨ ਸਿਖਿਆਰਥੀਆਂ ਨੂੰ ਤਰਕ ਅਤੇ ਆਲੋਚਨਾਤਮਕ ਸੋਚ ਦੀ ਦਿਲਚਸਪ ਦੁਨੀਆ ਨਾਲ ਇੱਕ ਮਜ਼ੇਦਾਰ, ਦਿਲਚਸਪ ਅਤੇ ਉਮਰ ਦੇ ਅਨੁਕੂਲ ਢੰਗ ਨਾਲ ਜਾਣੂ ਕਰਵਾਉਣ ਲਈ ਤਿਆਰ ਕੀਤੀ ਗਈ ਹੈ।

ਗਰਗ ਨੇ ਅੱਗੇ ਕਿਹਾ ਕਿ ਇਸ ਕਿਤਾਬ ਵਿੱਚ ਗਤੀਵਿਧੀਆਂ ਅਤੇ ਅਭਿਆਸਾਂ ਦਾ ਉਦੇਸ਼ ਵਿਦਿਆਰਥੀਆਂ ਦੀਆਂ ਵਿਸ਼ਲੇਸ਼ਣਾਤਮਕ ਯੋਗਤਾਵਾਂ ਨੂੰ ਤਿੱਖਾ ਕਰਨਾ, ਸਮੱਸਿਆਵਾਂ ਨੂੰ ਹੱਲ ਕਰਨ ਵਿੱਚ ਉਨ੍ਹਾਂ ਦੇ ਵਿਸ਼ਵਾਸ ਨੂੰ ਵਧਾਉਣਾ ਅਤੇ ਉਨ੍ਹਾਂ ਨੂੰ ਵੱਖ-ਵੱਖ ਪ੍ਰਤੀਯੋਗੀ ਪ੍ਰੀਖਿਆਵਾਂ ਅਤੇ ਅਸਲ-ਜੀਵਨ ਦੀਆਂ ਸਥਿਤੀਆਂ ਲਈ ਤਿਆਰ ਕਰਨਾ ਹੈ। ਕਵਰ ਕੀਤੇ ਗਏ ਵਿਸ਼ਿਆਂ ਵਿੱਚ ਪੈਟਰਨ, ਕ੍ਰਮ, ਵਰਗੀਕਰਨ, ਕੋਡਿੰਗ-ਡੀਕੋਡਿੰਗ, ਪਹੇਲੀਆਂ ਅਤੇ ਹੋਰ ਬਹੁਤ ਕੁਝ ਸ਼ਾਮਲ ਹੈ - ਹਰੇਕ ਨੂੰ ਸਪਸ਼ਟ ਨਿਰਦੇਸ਼ਾਂ ਅਤੇ ਉਦਾਹਰਣਾਂ ਦੇ ਨਾਲ ਬਾਲ-ਅਨੁਕੂਲ ਫਾਰਮੈਟ ਵਿੱਚ ਪੇਸ਼ ਕੀਤਾ ਗਿਆ ਹੈ।

ਇਹ ਕਿਤਾਬ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਲਾਭਦਾਇਕ ਹੈ ਜੋ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਹਨ, ਇਸ ਲਈ ਇਹ ਬਹੁਤ ਮਹੱਤਵਪੂਰਨ ਹੈ ਕਿਉਂਕਿ ਇਹ ਇੱਕ ਚੰਗੀ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਗ੍ਰੇਡ ਕੀਤੀ ਗਈ ਆਸਾਨ ਅਤੇ ਸਰਲ ਭਾਸ਼ਾ, ਅਭਿਆਸ ਲਈ ਕਾਫ਼ੀ ਪ੍ਰਸ਼ਨ ਪ੍ਰਦਾਨ ਕਰਦੀ ਹੈ ਅਤੇ ਪ੍ਰੀਖਿਆਰਥੀ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਸੰਪੂਰਨ ਤੌਰ 'ਤੇ ਤਿਆਰ ਕਰਦੀ ਹੈ, ਸੰਕਲਪਾਂ ਦੀ ਢਾਂਚਾਗਤ ਸਮਝ ਵੀ ਦਿੰਦੀ ਹੈ, ਪ੍ਰੀਖਿਆ ਪੈਟਰਨ ਨਾਲ ਇਕਸਾਰ ਅਭਿਆਸ ਪ੍ਰਸ਼ਨ ਪੇਸ਼ ਕਰਦੀ ਹੈ, ਵਿਦਿਆਰਥੀਆਂ ਨੂੰ ਉਨ੍ਹਾਂ ਦੀ ਤਿਆਰੀ ਦਾ ਪਤਾ ਲਗਾਉਣ ਵਿੱਚ ਮਦਦ ਕਰਦੀ ਹੈ, ਅਤੇ ਇਹ ਯਕੀਨੀ ਬਣਾਉਂਦੀ ਹੈ ਕਿ ਉਹ ਅੱਪਡੇਟ ਅਤੇ ਸੰਬੰਧਿਤ ਸਮੱਗਰੀ ਦਾ ਅਧਿਐਨ ਕਰ ਰਹੇ ਹਨ।

ਗਰਗ ਨੇ ਅੱਗੇ ਕਿਹਾ ਕਿ ਇਹ ਕਿਤਾਬ ਸਿੱਖਣ ਨੂੰ ਉਤਸ਼ਾਹਿਤ ਕਰਦੀ ਹੈ, ਵਿਦਿਆਰਥੀਆਂ ਨੂੰ ਸੁਤੰਤਰ ਅਤੇ ਤਰਕਪੂਰਨ ਸੋਚਣ ਦੀ ਆਦਤ ਵਿਕਸਤ ਕਰਨ ਵਿੱਚ ਮਦਦ ਕਰਦੀ ਹੈ। ਇਸਦੀ ਵਰਤੋਂ ਕਲਾਸਰੂਮ ਅਤੇ ਘਰ ਦੋਵਾਂ ਵਿੱਚ ਕੀਤੀ ਜਾ ਸਕਦੀ ਹੈ, ਅਭਿਆਸ ਅਤੇ ਸਵੈ-ਮੁਲਾਂਕਣ ਲਈ ਬਹੁਤ ਸਾਰੇ ਮੌਕੇ ਪ੍ਰਦਾਨ ਕਰਦੀ ਹੈ।

# ਡਾ. ਤੇਜਪਾਲ ਸਿੰਘ ਗਿੱਲ ਨੇ ਪਨਗ੍ਰੇਨ ਦੇ ਚੇਅਰਮੈਨ ਵਜੋਂ ਅਹੁਦਾ ਸੰਭਾਲਿਆ



ਚੰਡੀਗੜ੍ਹ, 25 ਮਈ:(ਗਿਆਨ ਸਿੰਘ): ਡਾ. ਤੇਜਪਾਲ ਸਿੰਘ ਗਿੱਲ ਨੇ ਅੱਜ ਸੰਸਦ ਮੈਂਬਰ ਸ੍ਰੀ ਮੀਤ ਹੇਅਰ ਅਤੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੀ ਮੌਜੂਦਗੀ ਵਿੱਚ ਅਨਾਜ ਭਵਨ, ਸੈਕਟਰ 39 ਸੀ, ਚੰਡੀਗੜ੍ਹ ਵਿਖੇ ਪੰਜਾਬ ਰਾਜ ਅਨਾਜ ਖਰੀਦ ਨਿਗਮ ਲਿਮਟਿਡ (ਪਨਗ੍ਰੇਨ) ਦੇ ਚੇਅਰਮੈਨ ਵਜੋਂ ਅਹੁਦਾ ਸੰਭਾਲਿਆ।

ਇਸ ਮੌਕੇ ਡਾ. ਤੇਜਪਾਲ ਸਿੰਘ ਗਿੱਲ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਉਨ੍ਹਾਂ 'ਤੇ ਭਰੋਸਾ ਕਰਨ ਲਈ ਧੰਨਵਾਦ ਕੀਤਾ। ਉਨ੍ਹਾਂ ਇਹ ਵੀ ਕਿਹਾ ਕਿ ਕਿਉਂਕਿ ਪਨਗ੍ਰੇਨ ਅਨਾਜ ਦੀ ਖਰੀਦ ਅਤੇ ਭੰਡਾਰਨ ਨਾਲ ਸਿੱਧਾ ਤੌਰ 'ਤੇ ਜੁੜਿਆ ਹੋਇਆ ਹੈ, ਉਹ ਕਿਸਾਨਾਂ ਸਮੇਤ ਸਾਰੇ ਭਾਈਵਾਲਾਂ ਦੇ ਹਿੱਤਾਂ ਲਈ ਕਦਮ ਚੁੱਕਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਧਾਇਕ ਲਾਭ ਸਿੰਘ ਉਗੋਕੇ, ਵਿਧਾਇਕ ਜੀਵਨ ਸਿੰਘ ਸੰਗੋਵਾਲ, ਵਿਧਾਇਕ ਹਾਕਮ ਸਿੰਘ ਠੇਕੇਦਾਰ, ਮੰਡੀ ਬੋਰਡ ਦੇ ਚੇਅਰਮੈਨ ਹਰਚਰਨ ਸਿੰਘ ਬਰਸਟ, ਮਾਰਕਫੈੱਡ ਦੇ ਚੇਅਰਮੈਨ ਅਮਨ ਮੋਹੀ, ਯੋਜਨਾਬੰਦੀ ਬੋਰਡ ਦੇ ਚੇਅਰਮੈਨ ਸ਼ਰਨਪਾਲ ਸਿੰਘ ਮੱਕੜ, ਡਾਇਰੈਕਟਰ ਖੁਰਾਕ ਤੇ ਸਪਲਾਈਜ਼ ਵਰਿੰਦਰ ਕੁਮਾਰ ਸ਼ਰਮਾ, ਚੇਅਰਮੈਨ ਅਨਿਲ ਠਾਕੁਰ, ਚੇਅਰਮੈਨ ਇੰਦਰਜੀਤ ਸਿੰਘ ਮਾਨ, ਐਡਵੋਕੇਟ ਜਨਰਲ ਕੁਲਵਿੰਦਰ ਢੀਂਡਸਾ, ਡਿਪਟੀ ਐਡਵੋਕੇਟ ਜਨਰਲ ਧਰਮਿੰਦਰ ਸਿੰਘ ਲਾਂਬਾ, ਵਾਈਸ ਚੇਅਰਮੈਨ ਇੰਦਰਜੀਤ ਸਿੰਘ, ਜ਼ਿਲ੍ਹਾ ਪ੍ਰਧਾਨ ਮੋਹਾਲੀ ਪ੍ਰਭਜੋਤ ਕੌਰ, ਵਾਈਸ ਚੇਅਰਮੈਨ ਹਰਜੀਤ ਸਿੰਘ ਮਾਂਗਟ, ਜ਼ਿਲ੍ਹਾ ਪ੍ਰਧਾਨ ਦਿਹਾਤੀ ਹਰਭਿੰਦਰ ਸਿੰਘ ਧਰੌਰ, ਮੀਤ ਪ੍ਰਧਾਨ ਬਿਨਿਤ ਵਰਮਾ, ਸਪੋਰਕਸਪਰਸਨ ਐਡਵੋਕੇਟ ਜਸਮਨ ਸਿੰਘ ਗਿੱਲ ਅਤੇ ਹੋਰ ਪਾਰਟੀ ਵਰਕਰ ਸ਼ਾਮਲ ਸਨ।




**Allseas Fisheries Inc. is Hiring!**

**DZ licensed delivery drivers needed.**

Pay is $24/hour. Full time, permanent

Should work any day of the week, including weekends.

If interested, please forward resume to **rgidda@allseas.net**

## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖ਼ੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com







## ਲੜਕੀ ਦੀ ਲੋੜ

**Well settled Canada Citizen Khatri Boy,** Punjabi Vegetarian, No Drinking/smoking family, Handsome, M.Com LLB 1987 6"ft. height. Legally devorced, very short marriage. Senior service, Loan officer in Major Canada Bank. We are close knit family, requires all-caste, punjabi educated girl in Canada OR INDIA. New Comers also Considered on PR. Work permit Parents. Please Call or whattsapp +1 437-446 8681

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013




## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ ’ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

suitable match for **Sikh Jatt Girl.** Born in Jan 1995, 5'5" tall. **working with the Government of Canada** and resides in Canada. She is a blend of modern values and traditional upbringing—cultured, respectful, and family-oriented.

looking for a professionally qualified, well-settled Sikh Jatt boy from a respectable family, preferably residing in Canada.

**Contact: +1 306 302 9009**

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3’’, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

# ਜਿਤ ਕੀਤਾ ਪਾਈਐ ਆਪਣਾ ਘਾਲਿ ਬੁਰਾ ਕਿਉਂ ਘਾਲੀਐ

ਅਮਰਜੀਤ ਕੌਰ
ਸਟੇਟ ਐਵਾਰਡੀ ਸੇਵਾਮੁਕਤ
ਮੁੱਖ ਅਧਿਆਪਕਾ

ਕਰਮ ਦਾ ਸੰਕਲਪ ਭਾਰਤ ਵਿਚ ਉਪਜੀ ਹੈ।ਪੁਰਾਣੇਦਾਰਸ਼ਨਿਕਾਂ ਦਾ ਵਿਸ਼ਵਾਸ਼ ਸੀ ਕਿ ਕਰਮ ਬ੍ਰਹਿਮੰਡ ਦਾ ਕਨੂੰਨ ਹੈ।ਅਸੀਂ ਰੋਜ਼ਮਰਾ ਜਿੰਦਗੀ ਵਿਚ ਕੀ ਦੇਖਦੇ ਹਾਂ ਕਿ ਕੁਝ ਲੋਕ ਖੁਸ਼ ਹਨ, ਕੁਝ ਜੂਝ ਰਹੇ ਹਨ ਤੇ ਆਪਣੀਆਂ ਰੁਕਾਵਟਾਂ ਦੂਰ ਕਰ ਰਹੇ ਹਨ।ਕੋਈ ਵੀ ਇਨਸਾਨ ਕਰਮ ਕੀਤੇ ਬਿਨਾਂ ਨਹੀਂ ਰਹਿ ਸਕਦਾ।ਗੀਤਾ ਵਿਚ ਦਰਸਾਇਆ ਗਿਆ ਹੈ ਕਿ ਹਰ ਵਿਅਕਤੀ ਨੂੰ ਪ੍ਰਕਿਰਤੀ ਤੋਂ ਪ੍ਰਾਪਤ ਗੁਣਾਂ ਦੇ ਅਧੀਨ ਹੋ ਕੇ ਹੀ ਕਰਮ ਕਰਨੇ ਪੈਂਦੇ ਹਨ।ਇਸ ਲਈ ਕੋਈ ਵੀ ਵਿਅਕਤੀ ਇਕ ਪਲ ਲਈ ਵੀ ਬਿਨਾਂ ਕਰਮ ਕੀਤੇ ਨਹੀਂ ਰਹਿ ਸਕਦਾ।ਵਿਧਾਤਾ ਨੇ ਸਾਰੇ ਜੀਵਾਂ ਵਾਸਤੇ ਕਰਮ ਕਰਦੇ ਰਹਿਣ ਦੀ ਲਾਜ਼ਮੀਅਤ ਕੀਤੀ ਹੋਈ ਹੈ।ਇਸ ਕਰਕੇ ਪਹਿਲੇ ਸਾਹ ਤੋਂ ਲੈਕੇ ਆਖਰੀ ਸਾਹ ਤੱਕ ਜੀਵ ਦੀ ਇਸ ਵਿਚ ਸ਼ਮੂਲੀਅਤ ਦੇਖੀ ਜਾ ਸਕਦੀ ਹੈ।ਕਰਮ ਮੁਤਾਬਿਕ ਹੀ ਜੀਵ ਦੀ ਕਿਸਮਤ ਦਾ ਨਿਰਮਾਣ ਹੁੰਦਾ ਹੈ।ਹਰ ਕਰਮ ਦਾ ਨਿਯਮਾਂ ਅਨੁਸਾਰ ਨਤੀਜਾ ਭਾਵ ਫਲ ਮਿਲਦਾ ਹੈ।ਉੱਚੇ ਸੁੱਚੇ ਕਰਮਾਂ ਦਾ ਫਲ ਸੁਖਦਾਇਕ ਹੁੰਦਾ ਹੈ ਤੇ ਮਾੜੇ ਕਰਮਾਂ ਫਲ ਦੁਖਦਾਇਕ ਹੁੰਦੇ ਰਹਿਣਾ ਹੀ ਕਿਸਮਤ ਦੀ ਰੂਪ ਰੇਖਾ ਹੈ।ਸਦਗੁਣੀ ਕਰਮ ਹੀ ਮਨੁੱਖ ਦੀ ਮਹਾਨਤਾ ਦਾ ਕਾਰਨ ਬਣਦੇ ਹਨ ਜਦ ਕਿ ਅਵਗੁਣੀ ਕਰਮ ਮਨੁੱਖ ਦੇ ਪਤਨ ਦਾ ਕਾਰਨ ਬਣਦੇ ਹਨ।ਸੋ ਮਨੁੱਖ ਆਪਣੇ ਜਨਮ ਦੇ ਆਧਾਰ ਭਾਵ ਕਿ ਉਸ ਦਾ (ਜਨਮ ਕਿਸ ਘਰਾਣੇ ਵਿਚ ਹੋਇਆ ਹੈ) ਤੇ ਨਹੀਂ ਸਗੋਂ ਆਪਣੇ ਕੀਤੇ ਹੋਏ ਕਰਮਾਂ ਅਨੁਸਾਰ ਭੋਗਦਾ ਹੈ।

ਕਿਸੇ ਵੀ ਜੀਵ ਦੇ ਖਿਆਲ ਜਾਂ ਫੁਰਨੇ ਹੀ ਕਰਮਾਂ ਦਾ ਮੁੱਢ ਬੰਨਦੇਹਨ।ਕਿਸੇ ਖਿਆਲ ਜਾਂ ਫੁਰਨੇ ਨੂੰ ਲਾਗੂ ਕਰ ਦੇਣਾ ਹੀ ਕਰਮ ਕਹਾਉਂਦਾ ਹੈ।ਤਿੰਨਾਂ ਢੰਗਾਂ ਵਿਚੋਂ ਕਿਸੇ ਵੀ ਇਕ ਨਾਲ ਕੀਤੇ ਜਾ ਸਕਦੇ ਹਨ ਭਾਵ ਮਨਸਾ,ਵਾਚਾ ਤੇ ਕਰਮਣਾ।ਵਿਸਥਾਰ ਨਾਲ ਜਿਵੇਂ ਤੁਸੀਂ ਕਿਸੇ ਦਾ ਨੁਕਸਾਨ ਕਰਨ ਬਾਰੇ ਸੋਚ ਲਿਆ, ਜਾਂ ਉਸ ਨੂੰ ਬੋਲ ਦਿੱਤਾ ਕਿ ਮੈਂ ਤੇਰਾ ਨੁਕਸਾਨ ਕਰ ਦੇਣਾ ਹੈ ਜਾਂ ਫਿਰ ਉਸ ਦੇ ਨੁਕਸਾਨ ਨੂੰ ਅਮਲੀ ਜਾਮਾ ਪਹਿਨਾ ਦਿੱਤਾ ਤਾਂ ਸਮਝ ਲੈਣਾ ਚਾਹੀਦਾ ਹੈ ਕਿ ਤੁਸੀਂ ਉਸ ਦਾ ਨੁਕਸਾਨ ਕਰਨ ਵਾਲਾ ਕਰਮ ਪੂਰੀ ਤਰਾਂ ਕਰ ਹੀ ਦਿੱਤਾ ਹੈ।ਸੋ ਇਹ ਕਰਮ ਤੁਹਾਡੇ ਖਾਤੇ ਵਿਚ ਦਰਜ਼ ਹੋ ਗਿਆ।

ਕਰਮ ਕਰਨ ਵਾਲੇ ਦੀ ਨੀਯਤ ਦਾ ਬਹੁਤ ਵੱਡਾ ਰੋਲ ਹੈ।ਚੰਗੀ ਨੀਯਤ ਨਾਲ ਕੀਤੇ ਗਏ ਮਾੜੇ ਕੰਮ ਦਾ ਫਲ ਉਨਾਂ ਮਾੜਾ ਨਹੀਂ ਹੁੰਦਾ ਜਿੰਨਾਂ ਮਾੜੀ ਨੀਯਤ ਨਾਲ ਕਿਤੇ ਗਏ ਚੰਗੇ ਕੰਮ ਦਾ ।ਜਿਵੇਂ ਕਿ ਯੁੱਧ ਦੇ ਮੈਦਾਨ ਵਿਚ ਵਿਰੋਧੀ ਧਿਰ ਦੇ ਮਾਰੇ ਗਏ ਫੌਜੀ ਦੇ ਕਤਲ ਦਾ ਇਲਜ਼ਾਮ ਮਾਰਨ ਵਾਲੇ ਫੌਜੀ ਉੱਤੇ ਨਹੀਂ ਜਾਂਦਾ ਕਿਉਂਕਿ ਉਸ ਨੇ ਤਾਂ ਆਪਣਾ ਫਰਜ਼ ਨਿਭਾਇਆ ਹੈ।

ਕੋਈ ਵੀ ਇਨਸਾਨ ਬਿਨਾਂ ਕਰਮ ਕੀਤੇ ਨਹੀਂ ਰਹਿ ਸਕਦਾ।ਉਹ ਵਿਅਕਤੀ ਜਾਂ ਤਾਂ ਵਿਚਾਰਾਂ ਦੇ ਮਾਧਿਅਮ ਨਾਲ ਸਰਗਰਮ ਹੈ ਜਾਂ ਕਿਰਿਆਵਾਂ ਜ਼ਰੀਏ ਜਾਂ ਫਿਰ ਕਾਰਨ ਬਣਕੇ ਕਰਮ ਖੇਤਰ ਵਿਚ ਯੋਗਦਾਨ ਪਾ ਰਿਹਾ ਹੁੰਦਾ ਹੈ।

ਦਾਰਸ਼ਿਨਕਾਂ ਅਨੁਸਾਰ ਕਰਮ ਤਿੰਨ ਤਰਾਂ ਦੇ ਹੁੰਦੇ ਹਨ।ਸੰਚਿਤ,ਪ੍ਰਾਰਬਧ ਅਤੇ ਵਰਤਮਾਨ।ਜਿਵੇਂ ਕਿ ਬਾਣੀ ਵਿੱਚ ਵੀ ਲਿਖਿਆ ਹੈ ਪੁੰਨੀ ਪਾਪੀ ਆਖਣੁਨਾਹੀਕਰਿਕਰਿਕਰਣਾ ਲਿਖਿ ਲੈ ਜਾਹੁ।। ਅਰਥਾਤ ਸਾਡੇ ਕੀਤੇ ਹੋਏ ਕਰਮ ਜਨਮ ਦਰ ਜਨਮ ਜਮ੍ਹਾਂ ਹੁੰਦੇ ਰਹਿੰਦੇ ਹਨ ।ਇਹ ਤਾਂ ਅਸੀਂ ਜਾਣਦੇ ਹੀ ਹਾਂ ਕਿ ਹਰ ਕਰਮ ਦਾ ਫਲ ਜਾਂ ਨਤੀਜਾ ਤਾਂ ਨਿਕਲਦਾ ਹੀ ਹੈ ਤੇ ਸਾਨੂੰ ਭੋਗਣਾ ਹੀ ਪੈਂਦਾ ਹੈ।ਜੇਕਰ ਉਲਟ ਹਾਲਾਤ ਵਿਚ ਵੀ ਲੋਕ ਸੁਖੀ ਜਾਂ ਦੁਖੀ ਰਹਿ ਕੇ ਜੀਵਨ ਗੁਜ਼ਾਰ ਰਹੇ ਹੁੰਦੇ ਹਨ
ਤਾਂ ਇਹ ਉਹਨਾਂ ਦੇ ਸੰਚਿਤ ਕਰਮਾਂ ਦਾ ਫਲ ਹੈ।ਪ੍ਰਾਰਬਧ ਕਰਮ ਉਹਨਾਂ ਨੂੰ ਕਿਹਾ ਜਾਂਦਾ ਹੈ ਜਿਹੜੇ ਪੂਰਵ ਕਰਮਾਂ ਦਾ ਫਲ ਅਸੀਂ ਇਸ ਜਨਮ ਵਿੱਚ ਭੋਗ ਰਹੇ ਹਾਂ ।ਵਰਤਮਾਨ ਕਰਮ ਉਹ ਹਨ ਜੋ ਅਸੀਂ ਇਸ ਜਨਮ ਵਿਚ ਕਰ ਰਹੇ ਹਾਂ।ਵਰਤਮਾਨ ਕਰਮ ਅਗਲੇ ਜਨਮ ਵਿਚ ਸੰਚਿੰਤ ਕਰਮ ਬਣਦੇ ਹਨ।ਫਲ ਭੋਗਣ ਵੇਲੇ ਪ੍ਰਾਬਧ ਕਰਮ ਬਣ ਜਾਂਦੇ ਹਨ।ਇਸਤਰਾਂ ਇਹ ਕਰਮ ਚੱਕਰ ਚਲਦਾ ਰਹਿੰਦਾ ਹੈ।

ਕਰਮ ਭੋਗਣ ਲਈ ਕਿਸੇ ਨਾ ਕਿਸੇ ਸਰੀਰ ਦਾ ਆਸਰਾ ਲੈਣਾ ਪੈਂਦਾ ਹੈ।ਕਰਮਾਂ ਅਨੁਸਾਰ ਹੀ ਮਨੁੱਖ ਜਨਮ ਲੈਂਦਾ ਰਹਿੰਦਾ ਹੈ।ਇਹੀ ਆਵਾਗਵਣ ਹੈ। ਇਸ ਵਿਚੋਂ ਬਚ ਨਿਕਲਨਾ ਸਰਲ ਨਹੀਂ ਹੈ।ਇਕ ਦੂਜੇ ਦੀ ਸੰਗਲੀ ਆਪਸ ਵਿਚ ਜੁੜੀ ਹੋਈ ਹੈ।ਜਦੋਂ ਕਰਮ ਫਲ ਭੋਗਣ ਲਈਜੀਵ ਆਤਮਾ ਦਾ ਦੇਹ ਨਾਲ ਸੰਬਧਕਾਇਮ ਹੁੰਦਾ ਹੈ ਉਸ ਨੂੰ ਜਨਮ ਕਿਹਾ ਜਾਂਦਾ ਹੈ।ਜਦੋਂ ਇਕ ਨਿਸ਼ਚਿਤ ਸਮੇਂ ਸਿਰ ਪੰਜ ਭੌਤਿਕ ਸਰੀਰ ਨਸ਼ਟ ਹੋ ਜਾਂਦਾ ਹੈ ਉਹ ਮ੍ਰਿਤੂ ਹੈ।ਜਨਮ ਮਰਨ ਦੀਆਂ ਚੌਰਾਸੀ ਲੱਖ ਜੂਨਾਂ ਕਲਪਿਤ ਕੀਤੀਆਂ ਗਈਆਂ ਹਨ।ਮਨੁੱਖੀ ਜੂਨ ਸਰਵਸ੍ਰੇਸ਼ਟ ਮੰਨੀ ਗਈ ਹੈ।ਉਸਾਰੂ ਅਤੇ ਵਿਨਾਸ਼ਕਾਰੀ ਕਿਰਿਆ ਦੇ ਵਿਚਕਾਰ ਭੇਦ ਭਾਵ ਕਰਨ ਦੀ ਯੋਗਤਾ ਅਸਲ ਵਿਚ ਮਨੁੱਖ ਨੂੰ ਜਾਨਵਰਾਂ ਤੋਂ ਵੱਖ ਕਰਦੀ ਹੈ।ਸ਼ੁਭ ਜਾਂ ਅਸ਼ੁਭ ਕਰਮਾਂ ਅਨੁਸਾਰ ਚੰਗੀ ਜਾਂ ਮਾੜੀ ਜੂਨੀ ਪ੍ਰਾਪਤ ਹੁੰਦੀ ਹੈ।

ਕਰਮਾਂ ਦੀ ਇਕ ਹੋਰ ਸ਼੍ਰੇਣੀ ਵੀ ਹੈ।ਸਕਾਰਾਤਮਕਕਰਮ,ਨਕਾਰਾਤਮਕ ਕਰਮ ਜਾਂ ਵਿਕਰਮਤੇਅਪਕਰਮ। ਸਕਾਰਾਤਮਕ ਕਰਮ ਉਹ ਹੁੰਦੇ ਹਨ ਜੋ ਦੂਜਿਆਂ ਨੂੰ ਲਾਭ ਪਹੁੰਚਾਉਣ ਵਾਸਤੇ ਅਤੇ ਨਕਾਰਾਤਮਕ ਕਰਮ ਉਹ ਹੁੰਦੇ ਹਨ ਜੋ ਦੂਜਿਆਂ ਨੂੰ ਸਿਰਫ ਤੇ ਸਿਰਫ ਨੁਕਸਾਨ ਪਹੁੰਚਾਉਣ ਲਈਕੀਤੇ ਜਾਂਦੇ ਹਨ।ਅਪਕਰਮਕ ਉਹ ਕਰਮ ਹੁੰਦੇ ਹਨ ਜੋ ਅਸੀਂ ਸਮਰਪਿਤ ਹੋ ਕੇ ਕਰਦੇ ਹਾਂ।ਇਹ ਕਰਮ ਸਾਡੇ ਰਾਹੀਂ ਜਰੂਰ ਹੁੰਦੇ ਹਨ ਪਰ ਸਾਨੂੰ ਪਤਾ ਕੁਝ ਨਹੀਂ ਹੁੰਦਾ।ਸਾਨੂੰਹਮੇਸ਼ਾਂ ਨੇਕ ਕਰਮ ਹੀ ਕਰਨੇ ਚਾਹੀਦੇ ਹਨ।ਵਿਕਰਮ ਨਹੀਂ ਕਰਨੇ ਚਾਹੀਦੇ ਪਰ ਅਸੀਂ ਫਿਰ ਵੀ ਕਰਦੇ ਹਾਂ।ਸਾਨੂੰਹਮੇਸ਼ਾਂਵਿਕਰਮਾਂ ਤੋਂ ਦੂਰੀ ਬਣਾ ਕੇ ਹੀ ਰੱਖਣੀ ਚਾਹੀਦੀ ਹੈ।ਸਾਡੇ ਕਰਮ ਹੀ ਸਾਡੇ ਉਥਾਨ ਜਾਂ ਪਤਨ ਦਾ ਕਾਰਨ ਬਣਦੇ ਹਨ।ਕਰਮ ਹੀ ਸਾਡੀ ਜਿੰਦਗੀ ਦੀ ਦਸ਼ਾ ਤੇ ਦਿਸ਼ਾ ਤੈਅ ਕਰਦੇ ਹਨ।ਚੰਗੇ ਸੰਸਾਰ ਵਡਿਆਈ ਤੇ ਮਾੜੇ ਥੂ ਥੂ।

ਅਸੀਂ ਕਰਮ ਆਪਣੀਆਂ ਇੰਦਰੀਆਂ ਦੁਆਰਾ ਕਰਦੇ ਹਾਂ। ਇੰਦਰੀਆਂ ਦੋ ਪ੍ਰਕਾਰ ਦੀਆਂ ਹੁੰਦੀਆਂ ਹਨ।ਗਿਆਨ ਇੰਦਰੀਆਂ ਜਿਵੇਂ ਅੱਖਾਂ,ਕੰਨ,ਨੱਕ,ਜੀਭ ਤੇ ਚਮੜੀ ਅਤੇ ਕ੍ਰਮ ਇੰਦਰੀਆਂ ਜਿਵੇਂ ਮੂੰਹ,ਹੱਥ,ਪੈਰ, ਗੁਦਾ,ਲਿੰਗ ਯੋਨੀ ਤੇ ਪ੍ਰਾਣ।ਗਿਆਨ ਇੰਦਰੀਆਂ ਨਾਲ ਜੀਵ ਨੂੰ ਬਾਹਰਲੇ ਵਿਸ਼ਿਆਂ ਚ ਬੋਧ ਹੁੰਦਾ ਹੈ ਤੇ ਕਰਮ ਇੰਦਰੀਆਂ ਨਾਲ ਬਾਹਰਲੇ ਵਿਸ਼ਿਆਂ ਦੇ ਗੁਣਾਂ ਦਾ ਅਨੁਭਵ ਹੁੰਦਾ ਹੈ। ਮਨ ਇੰਦਰੀਆਂ ਨਾਲ ਤਾਲਮੇਲ ਕਰਕੇ ਪ੍ਰਾਣੀਆਂ ਨੂੰ ਵਿਸ਼ਿਆਂ ਦਾ ਭੋਗ ਕਰਵਾਉਂਦਾ ਹੈ।ਜਿਵੇਂ ਕਿ ਅਸੀਂ ਜਾਣ ਲਿਆ ਹੈ ਕਿ ਸਾਡੇ ਕੀਤੇ ਕਰਮ ਹੀ ਸਾਡੇ ਅੱਗੇ ਆਉਂਦੇ ਹਨ।ਤੇ ਅਸੀਂ ਆਪਣੇ ਕਰਮ ਆਪ ਹੀ ਬਣਾਉਂਦੇ ਹਾਂ।ਇਹ ਵੀ ਜਾਣ ਗਏ ਹਾਂ ਕਿ ਕਰਮ ਸਾਡੇ ਫੁਰਨਿਆਂ ਦੀ ਹੀ ਉਪਜ ਹੈ ਸੋ ਸਾਨੂੰ ਆਪਣੇ ਫੁਰਨਿਆਂ ਵੱਲ ਬਹੁਤ ਧਿਆਨ ਦੇਣ ਦੀ ਜ਼ਰੂਰਤ ਹੈ।ਅੰਗਰੇਜ਼ੀ ਦੀ ਕਹਾਵਤ ਹੈ ਕਿ
Your thoughts make words,your words make actions,your actions make your
Habits ,your habits make your character and your character makes your Destiny.

. ਇਹ ਵੀ ਅਕਸਰ ਕਿਹਾ ਹੀ ਨਹੀਂ ਜਾਂਦਾ ਸਗੋਂ ਮੰਨਿਆ ਗਿਆ ਹੈ ਕਿ ਮਨੁੱਖ ਇਸ ਦੁਨੀਆਂ ਵਿਚ ਖਾਲੀ ਆਉਂਦਾ ਹੈ ਤੇ ਖਾਲੀ ਹੀ ਚਲਾ ਜਾਂਦਾ ਹੈ ;ਇਹ ਦੇਖੀਏ ਤਾਂ ਠੀਕ ਜਾਪਦਾ ਹੈ ਪਰ ਸੋਚੀਏ ਤਾਂ ਗਲਤ ਸਾਬਿਤ ਹੁੰਦਾ ਹੈ ਖਾਸ ਕਰਕੇ ਜਿਸ ਦੀ ਜਾਣਕਾਰੀ ਹੁਣੇ
ਸਾਨੂੰ ਮਿਲੀ ਹੈ ਨੂੰ ਵਿਚਾਰ ਕਰਨ ਨਾਲ ਅਸੀਂ ਜਾਣ ਗਏ ਹਾਂ ਕਿ ਮਨੁੱਖ ਦੇ ਕਰਮ ਉਸ ਦੇ ਨਾਲ ਹੀ ਆਉਂਦੇ ਹਨ ਤੇ ਨਾਲ ਹੀ ਚਲੇ ਜਾਂਦੇ ਹਨ।ਅਸੀਂ ਆਪਣਾ ਬੀਜਿਆ ਹੋਇਆ ਆਪ
ਹੀ ਵੱਢਦੇ ਹਾਂ ਤੇ ਆਪ ਹੀ ਖਾਂਦੇ ਹਾਂ,ਤੇਆਵਾਗਵਣ ਦੇ ਚੱਕਰ ਵਿਚ ਫਸੇ ਰਹਿੰਦੇ ਹਾਂ।ਤਾਂ ਹੀ ਅਸੀਂ ਦੇਕਦੇ ਹਾਂ ਕਿ ਕਿਸੇ ਵੀ ਦੋ ਵਿਅਕਤੀਆਂ ਦਾ ਜੀਵਨ ਕਾਲ ਆਪਸ ਵਿਚ ਮਿਲਦਾ ਜੁਲਦਾ
ਨਹੀਂ ਹੁੰਦਾ।ਸਭ ਦੇ ਦੁੱਖ ਸੁੱਖ ਵੱਖੋ ਵੱਖਰੇ ਹੀ ਹੁੰਦੇ ਹਨ।

ਚੰਗਿਆਈਆਂ ਬੁਰਿਆਈਆਂ ਵਾਚੈ ਧਰਮੁਹਦੂਰਿ ਕਰਮੀ ਆਪੋ ਆਪਣੀ ਕੇ ਨੇੜੇ ਕੇ ਦੂਰ।

# ਬਹੁ-ਭਾਸ਼ਾਈ ਸਿੱਖਿਆ ਨੂੰ ਉਤਸ਼ਾਹਿਤ ਕਰੋ

ਵਿਜੈ ਗਰਗ

ਕੇਂਦਰ ਸਰਕਾਰ ਨੇ ਦੇਸ਼ ਦੀ ਭਾਸ਼ਾਈ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ ਇੱਕ ਮਹੱਤਵਪੂਰਨ ਪਹਿਲਕਦਮੀ ਕੀਤੀ ਹੈ। ਇਸ ਪਹਿਲਕਦਮੀ ਦੇ ਤਹਿਤ, ਗਰਮੀਆਂ ਦੀਆਂ ਛੁੱਟੀਆਂ ਦੌਰਾਨ ਦੇਸ਼ ਭਰ ਦੇ ਸਾਰੇ 14.5 ਲੱਖ ਸਕੂਲਾਂ ਵਿੱਚ 'ਭਾਰਤੀ ਭਾਸ਼ਾ ਸਮਰ ਕੈਂਪ 2025' ਆਯੋਜਿਤ ਕੀਤਾ ਜਾਵੇਗਾ। ਇਸ ਕੈਂਪ ਵਿੱਚ ਬੱਚਿਆਂ ਨੂੰ ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਰਾਹੀਂ ਉਨ੍ਹਾਂ ਦੀ ਮਾਤ ਭਾਸ਼ਾ ਦੇ ਨਾਲ-ਨਾਲ ਇੱਕ ਜਾਂ ਇੱਕ ਤੋਂ ਵੱਧ ਭਾਰਤੀ ਭਾਸ਼ਾਵਾਂ ਦਾ ਗਿਆਨ ਦਿੱਤਾ ਜਾਵੇਗਾ। ਇਹ ਸਮਰ ਕੈਂਪ ਇੱਕ ਹਫ਼ਤੇ ਦਾ ਹੋਵੇਗਾ, ਜਿਸ ਵਿੱਚ ਬੱਚਿਆਂ ਨੂੰ ਭਾਰਤੀ ਭਾਸ਼ਾਵਾਂ ਨਾਲ ਜੋੜਨ ਲਈ ਹਰ ਰੋਜ਼ ਚਾਰ ਘੰਟੇ ਦੀਆਂ ਗਤੀਵਿਧੀਆਂ ਕੀਤੀਆਂ ਜਾਣਗੀਆਂ, ਜਿਸ ਨਾਲ ਕੁੱਲ 48 ਘੰਟੇ ਦੀ ਸਿਖਲਾਈ ਹੋਵੇਗੀ। ਕੈਂਪ ਦੇ ਅੰਤ ਵਿੱਚ ਬੱਚਿਆਂ ਨੂੰ ਸਰਟੀਫਿਕੇਟ ਵੀ ਦਿੱਤੇ ਜਾਣਗੇ। ਕੇਂਦਰ ਸਰਕਾਰ ਦੇ ਇਸ 'ਭਾਰਤੀ ਭਾਸ਼ਾ ਸਮਰ ਕੈਂਪ' ਦਾ 25 ਕਰੋੜ ਤੋਂ ਵੱਧ ਬੱਚੇ ਲਾਭ ਲੈ ਸਕਣਗੇ। ਅੱਜ ਦੇ ਸਮੇਂ ਵਿੱਚ, ਲੋਕਾਂ ਨੂੰ ਰੁਜ਼ਗਾਰ ਜਾਂ ਬਿਹਤਰ ਜੀਵਨ ਲਈ ਇੱਕ ਰਾਜ ਤੋਂ ਦੂਜੇ ਰਾਜ ਜਾਣਾ ਪੈਂਦਾ ਹੈ। ਬੈਂਕ ਕਰਮਚਾਰੀ, ਕੇਂਦਰੀ ਵਿਦਿਆਲਿਆ ਦੇ ਅਧਿਆਪਕ ਅਤੇ ਆਈਟੀ ਖੇਤਰ ਵਿੱਚ ਕੰਮ ਕਰਨ ਵਾਲੇ ਨੌਜਵਾਨਾਂ ਨੂੰ ਅਕਸਰ ਨੌਕਰੀਆਂ ਲਈ ਮਹਾਰਾਸ਼ਟਰ, ਬੰਗਲੁਰੂ, ਹੈਦਰਾਬਾਦ, ਤਾਮਿਲਨਾਡੂ ਜਾਂ ਹੋਰ ਰਾਜਾਂ ਵਿੱਚ ਜਾਣਾ ਪੈਂਦਾ ਹੈ। ਅਜਿਹੀ ਸਥਿਤੀ ਵਿੱਚ, ਸਥਾਨਕ ਭਾਸ਼ਾ ਅਤੇ ਸੱਭਿਆਚਾਰ ਵਿੱਚ ਅੰਤਰ ਕਾਰਨ ਉਨ੍ਹਾਂ ਨੂੰ ਕਈ ਸਮੱਸਿਆਵਾਂ ਦਾ ਸਾਹਮਣਾ ਕਰਨਾ




ਪੈਂਦਾ ਹੈ। ਸੰਚਾਰ ਦੀ ਘਾਟ ਕਾਰਨ ਵੀ ਵਿਵਾਦ ਪੈਦਾ ਹੁੰਦੇ ਹਨ। ਹਾਲ ਹੀ ਵਿੱਚ, ਕਰਨਾਟਕ ਅਤੇ ਮਹਾਰਾ-ਸ਼ਟਰ ਵਿੱਚ ਅਜਿਹੇ ਕਈ ਵੀਡੀਓ ਵਾਇਰਲ ਹੋਏ ਹਨ, ਜਿਨ੍ਹਾਂ ਵਿੱਚ ਸਥਾਨਕ ਭਾਸ਼ਾਵਾਂ ਮਰਾਠੀ ਅਤੇ ਕੰਨੜ ਵਿੱਚ ਬੋਲਣ 'ਤੇ ਜ਼ੋਰ ਦਿੱਤਾ ਗਿਆ ਹੈ। ਮਾਂ-ਬੋਲੀ ਦਾ ਸਤਿਕਾਰ ਕਰਨਾ ਜ਼ਰੂਰੀ ਹੈ ਪਰ ਬਾਹਰਲੇ ਲੋਕਾਂ ਨਾਲ ਬਦਸਲੂਕੀ ਕਰਨਾ ਸਹੀ ਨਹੀਂ ਹੈ। ਭਾਰਤ ਇੱਕ ਵਿਭਿੰਨਤਾ ਵਾਲਾ ਦੇਸ਼ ਹੈ, ਜਿੱਥੇ ਵੱਖ-ਵੱਖ ਸੱਭਿਆਚਾਰ, ਧਰਮ ਅਤੇ ਭਾਸ਼ਾਵਾਂ ਮਿਲਦੀਆਂ ਹਨ। ਸਾਰੀਆਂ ਭਾਸ਼ਾਵਾਂ ਦਾ ਬਰਾਬਰ ਮਹੱਤਵ ਹੈ, ਅਤੇ ਲੋਕਾਂ ਨੂੰ ਇੱਕ ਤੋਂ ਵੱਧ ਭਾਰਤੀ ਭਾਸ਼ਾਵਾਂ ਸਿੱਖਣੀਆਂ ਚਾਹੀਦੀਆਂ ਹਨ। ਇਸ ਕਾਰਨ, ਉਨ੍ਹਾਂ ਨੂੰ ਕਿਸੇ ਹੋਰ ਰਾਜ ਵਿੱਚ ਜਾਣ 'ਤੇ ਭਾਸ਼ਾ ਸੰਬੰਧੀ ਮੁਸ਼ਕਲਾਂ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਬਹੁਭਾਸ਼ਾਈ ਲੋਕ ਵੱਖ-ਵੱਖ ਸਭਿਆਚਾਰਾਂ ਨਾਲ ਗੱਲਬਾਤ ਕਰ ਸਕਦੇ ਹਨ। ਅਤੇ ਅਸੀਂ ਇੱਕ ਦੂਜੇ ਦੇ ਵਿਚਾਰਾਂ ਨੂੰ ਬਿਹਤਰ ਢੰਗ ਨਾਲ ਸਮਝ ਸਕਦੇ ਹਾਂ। ਇੱਕ ਖੋਜ ਦੇ ਅਨੁਸਾਰ, ਇੱਕ ਤੋਂ ਵੱਧ ਭਾਸ਼ਾਵਾਂ ਸਿੱਖਣ ਨਾਲ ਦਿਮਾਗ 'ਤੇ ਸਕਾਰ-ਾਤਮਕ ਪ੍ਰਭਾਵ ਪੈਂਦਾ ਹੈ। ਅਤੇ ਰਚਨਾਤਮਕਤਾ ਨੂੰ ਹੁਲਾਰਾ ਮਿਲਦਾ ਹੈ। ਬਹੁ-ਭਾਸ਼ਾਈ ਸਿੱਖਿਆ ਵੱਖ-ਵੱਖ ਭਾਸ਼ਾਵਾਂ ਅਤੇ ਸੱਭਿਆਚਾਰਾਂ ਵਿੱਚ ਆਪਸੀ ਸਮਝ ਅਤੇ ਸਤਿਕਾਰ ਨੂੰ ਉਤਸ਼ਾਹਿਤ ਕਰਦੀ ਹੈ, ਜਿਸ ਨਾਲ ਭਾਰਤ ਵਿੱਚ ਸਮਾਜਿਕ ਏਕਤਾ ਅਤੇ ਸਦਭਾਵਨਾ ਨੂੰ ਵੀ ਉਤਸ਼ਾਹਿਤ ਕੀਤਾ ਜਾਵੇਗਾ। ਇਹ ਭਾਰਤ ਦੀ ਭਾਸ਼ਾਈ ਵਿਭਿੰਨਤਾ ਅਤੇ ਵਿਰਾਸਤ ਨੂੰ ਸੁਰੱਖਿਅਤ ਰੱਖਣ ਵਿੱਚ ਮਦਦ ਕਰੇਗਾ। ਅਜੇ ਵੀ ਵੱਡੀ ਗਿਣਤੀ ਵਿੱਚ ਲੋਕ ਬਹੁਭਾਸ਼ਾਈ ਸਿੱਖਿਆ ਦੇ ਫਾਇਦਿਆਂ ਤੋਂ ਅਣਜਾਣ ਹਨ। ਅੰਗਰੇਜ਼ੀ ਦੇ ਨਾਲ-ਨਾਲ ਭਾਰਤੀ ਭਾਸ਼ਾਵਾਂ ਨੂੰ ਵੀ ਮਹੱਤਵ ਦਿੱਤਾ ਜਾਣਾ ਚਾਹੀਦਾ ਹੈ। ਹਾਲਾਂਕਿ, ਬਹੁ-ਭਾਸ਼ਾਈ ਸਿੱਖਿਆ ਸਿਰਫ਼ ਸਕੂਲੀ ਸਿੱਖਿਆ ਦੇ ਸ਼ੁਰੂਆਤੀ ਸਾਲਾਂ ਤੱਕ ਹੀ ਸੀਮਿਤ ਨਹੀਂ ਹੋਣੀ ਚਾਹੀਦੀ, ਸਗੋਂ ਇਸਨੂੰ ਪ੍ਰਾਇਮਰੀ ਪੱਧਰ ਤੋਂ ਉੱਚ ਸਿੱਖਿਆ ਤੱਕ ਵਧਾਇਆ ਜਾਣਾ ਚਾਹੀਦਾ ਹੈ।

ਵਿਜੈ ਗਰਗ ਰਿਟਾਇਰਡ ਪ੍ਰਿੰਸੀਪਲ
ਐਜੂਕੇਸ਼ਨਲ ਕਾਲਮਨਵੀਸ਼ ਮਲੋਟ
ਪੰਜਾਬ



Urgently Need New Listings in Brampton/Caledon

visit: www.teamjagaujla.com



Call JAG AUJLA
MCNE, REAL ESTATE BROKER
DIR: 416-371-7777
j.aujla@rogers.com www.jagaujla.com

CALL JAG FOR A QUICK & FREE HOME EVALUATION
www BramptonTopRealtor.com www BramptonTopAgent.com

URGENTLY NEED NEW LISTINGS IN THIS AREA

RECENTLY LISTED/SOLD IN YOUR NEIGHBOURHOOD BY JAG AUJLA

**NEW Listing in *BRAMPTON***
James Potter/Queen/Bonnie Brae
Approx. 3000–3500 sq.ft. ਡਿਟੈਚਡ ਹਾਊਸ, 5+2 ਬੈਡਰੂਮ+Office+ 5 ਵਾਸ਼ਰੂਮ, 2 ਬੈਡਰੂਮ ਫਿਨੀਸ਼ਡ Lookout ਬੇਸਮੇਂਟ,6 ਕਾਰ ਪਾਰਕਿੰਗ। No ਕਾਰਪੇਟ। Double Door Entry, ਕੀੱਚਨ with Granite ਕਾਊਂਟਰਟੋਪ। Oak staircase, ਮਾਸਟਰ ਬੈਡਰੂਮ with 5–ਪੀਸ ਇਨਸੂਇਟ, All Bdrms connected to Wash Rms.

**NEW Listing in *BRAMPTON***
Creditview Rd & Queen St
Approx. 2000 sq.ft. ਟਾਊਨ–ਹਾਊਸ, 4 ਬੈਡਰੂਮ, 3 ਵਾਸ਼ਰੂਮ, 2 ਕਾਰ ਪਾਰਕਿੰਗ। No ਕਾਰਪੇਟ। Eat-in ਕੀੱਚਨ with Granite ਕਾਊਂਟਰਟੋਪ with S/S Appliances. ਮਾਸਟਰ ਬੈਡਰੂਮ with Walk-in ਕਲੋਜਿਟ। Spacious Living Rm & Bed Rms, Laundary on 2nd ਫਲੋਰ। Close to Hwy 407 & 401.

**FOR RENT in *BRAMPTON***
Castlemore/The Gore Rd/Cottrelle
2000 sq.ft. ਸੈਮੀ–ਡਿਟੈਚਡ ਹਾਊਸ 4 ਬੈਡਰੂਮ + 3 ਵਾਸ਼ਰੂਮ, Hardwood Floor, ਮਾਸਟਰ ਬੈਡਰੂਮ with 4–ਪੀਸ ਇਨਸੂਇਟ,Walk-in ਕਲੋਜਿਟ। Oak staircase, No ਕਾਰਪੇਟ। Eat-in ਕੀੱਚਨ with S/S appliances. 3 ਕਾਰ ਪਾਰਕਿੰਗ। Close to Asian Food Plaza, buses, hwy's & more.

**FOR RENT in *BRAMPTON***
Castlemore/Humberwest/Airport
1600sq.ft. ਸੈਮੀ–ਡਿਟੈਚਡ ਹਾਊਸ, 3 ਬੈਡਰੂਮ + 3 ਵਾਸ਼ਰੂਮ, 3 ਕਾਰ ਪਾਰਕਿੰਗ, Hardwood Floor, Oak staircase, No ਕਾਰਪੇਟ। Eat-in ਕੀੱਚਨ with S/S appliances. Laundary on 2nd ਫਲੋਰ। Close to Buses, Plaza, School & Amenties.

**NEW Listing in *MISSISSAUGA***
Hurontario St/Eglington Ave/Nahani Way
700–799 sq.ft. ਅਪਾਰਟਮੈਂਟ, 2 ਬੈਡਰੂਮ +2 ਵਾਸ਼ਰੂਮ, 9ft. ceiling, Modern ਕੀੱਚਨ, New ਲੈਂਮੀਨੇਟ ਫਲੋ, 1 Underground ਪਾਰਕਿੰਗ, ਸਾਰੀਆਂ ਸਹੂਲਤਾਂ ਦੇ ਕੋਲ। Close to Hwy 401 & 403. Close to Square One Mall, Hospital, Plazas, Restaurants, Public Transits, Schools & more.

**NEW Listing in *MISSISSAUGA***
Ridgeway Dr./The Collegeway
1200–1399 sq.ft. ਟਾਊਨ–ਹਾਊਸ, 2 ਬੈਡਰੂਮ + 3 ਵਾਸ਼ਰੂਮ, 1 Underground ਪਾਰਕਿੰਗ + Huge Rooftop Patio, ਮਾਸਟਰ ਬੈਡਰੂਮ with 4–ਪੀਸ ਇਨਸੂਇਟ ਅਤੇ Walk-in ਕਲੋਜਿਟ, Eat-in ਕੀੱਚਨ with Quartz ਕਾਊਂਟਰਟੋਪ। Stainless Steel Appl. Close to Major Hwy 403 , 407,401 & QEW.

**FOR RENT in *TORONTO***
Dundas St./Church St.
665sq.ft. Brand-New ਅਪਾਰਟਮੈਂਟ, 2 ਬੈਡਰੂਮ + 2 ਵਾਸ਼ਰੂਮ (Spa inspired), Modern ਕੀੱਚਨ, *Unbeatable location* Steps to Yonge-Dundas Square, Eaton Centre, and Toronto Metropolitan University, Bus stop at door step.

FREE
- Full MLS Services
- Consistently Marketing Your Property Until SOLD
- Competitive Rates, Exceptional Service & Award Winning Results
- Staging Consultation
- Billboard, Flyer, Newspaper
- Online Promotion
- Professional Pictures and Virtual Tour
- Social media & Radio Advertisement
- Open House Until Sold

RE/MAX Realty Specialists Inc. Brokerage (Independently Owned and Operated)
Off: 905-456-3232
*(Based on units sold & commissions)** *Some Conditions Apply.
*Seller* & Jag Aujla Broker of Re/max Realty Specialist Inc. must agree on the terms & conditions, closing date and listing price at the time of listing. Guaranteed Program only for Peel Region Homes Under $1 Million Price

Call JAG AUJLA DIR: 416-371-7777
MCNE, REAL ESTATE BROKER NOT INTENDED TO SOLICIT BUYERS OR SELLER CURRENTLY UNDER CONTRACT

The Mortgage Centre
We work for you, not the lenders.




Debt Consolidation | Renovations & Repairs | Avoiding High penalities

No Credit or becon score check.
No income verification.
Interest payments only.
Pay off high interest debts.
75%-80% LTV.
Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017